TOURIST VISA USA CANADA
SCHENGEN/ UK
AUSTRALIA/ NZ
263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
easyvisa
8195 828282

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸ਼ਨੀਵਾਰ 10 ਮਈ 2025
Email:- lokbani08@gmail.com

ਰੋਜ਼ਾਨਾ ਲੋਕ ਬਾਣੀ
ਨੂੰ ਪੱਤਰਕਾਰਾਂ ਦੀ ਲੋੜ
99155-94111

R. N. I. Punpun/29016/2008 * ਸਾਲ 16 , * ਅੰਕ : 293 * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

## ਜੰਮੂ ਕਸ਼ਮੀਰ, ਪੰਜਾਬ ਤੇ ਰਾਜਸਥਾਨ ਵਿਚ ਕਈ ਥਾਈਂ ਡਰੋਨ ਹਮਲੇ;

ਜੰਮੂ ਲੋਕ ਬਾਣੀ- :ਪਾਕਿਸਤਾਨ ਨੇ ਅੱਜ ਰਾਤੀਂ ਜੰਮੂ, ਸ੍ਰੀਨਗਰ, ਰਾਜਸਥਾਨ, ਗੁਜਰਾਤ ਤੇ ਪੰਜਾਬ ਦੇ ਕਈ ਸਰਹੱਦੀ ਇਲਾਕਿਆਂ ਵਿੱਚ ਮੁੜ ਡਰੋਨ ਹਮਲੇ ਕੀਤੇ, ਜਿਨ੍ਹਾਂ ਨੂੰ ਭਾਰਤੀ ਫੌਜ ਨੇ ਆਪਣੀ ਆਧੁਨਿਕ ਹਵਾਈ ਰੱਖਿਆ ਪ੍ਰਣਾਲੀ ਨਾਲ ਨਾਕਾਮ ਕਰ ਦਿੱਤਾ। ਸ੍ਰੀਨਗਰ ਵਿੱਚ ਵੀ ਹਵਾਈ ਅੱਡੇ ਕੋਲ 10 ਧਮਾਕੇ ਹੋਏ। ਸੁਰੱਖਿਆ ਬਲਾਂ ਨੇ ਸ੍ਰੀਨਗਰ ਹਵਾਈ ਅੱਡੇ ਤੇ ਅਵੰਤੀਪੋਰਾ ਹਵਾਈ ਅੱਡੇ 'ਤੇ ਡਰੋਨ ਹਮਲਿਆਂ ਨੂੰ ਨਾਕਾਮ ਕਰ ਦਿੱਤਾ।



ਉੱਤਰ ਵਿੱਚ ਬਾਰਾਮੂਲਾ ਤੋਂ ਦੱਖਣ ਵਿੱਚ ਭੁਜ ਤੱਕ, ਅੰਤਰਰਾਸ਼ਟਰੀ ਸਰਹੱਦ ਅਤੇ ਪਾਕਿਸਤਾਨ ਨਾਲ ਲੱਗਦੀ ਕੰਟਰੋਲ ਰੇਖਾ ਦੇ ਨਾਲ-ਨਾਲ 26 ਥਾਵਾਂ 'ਤੇ ਡਰੋਨ ਦੇਖੇ ਗਏ ਹਨ।

## ਨਵਾਜ਼ ਸ਼ਰੀਫ਼ ਵੱਲੋਂ ਕੂਟਨੀਤਕ ਚੈਨਲਾਂ ਜ਼ਰੀਏ ਭਾਰਤ ਨਾਲ ਟਕਰਾਅ ਘਟਾਉਣ ਦੀ ਵਕਾਲਤ: ਰਿਪੋਰਟ

ਲਾਹੌਰ, ਲੋਕ ਬਾਣੀ- ਇੱਕ ਮੀਡੀਆ ਰਿਪੋਰਟ ਮੁਤਾਬਕ ਪਾਕਿਸਤਾਨ ਦੀ ਸਿਵਲ ਅਤੇ ਫੌਜੀ ਲੀਡਰਸ਼ਿਪ ਫੌਜੀ ਟਕਰਾਅ ਦਰਮਿਆਨ ਜਿੱਥੇ ਭਾਰਤ ਨੂੰ ਢੁੱਕਵਾਂ ਜਵਾਬ ਦੇਣ 'ਤੇ ਜ਼ੋਰ ਦੇ ਰਹੀ ਹੈ, ਉਥੇ ਮੁਲਕ ਦੇ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਵੱਲੋਂ ਨਵੀਂ ਦਿੱਲੀ ਨਾਲ ਤਣਾਅ ਨੂੰ ਘੱਟ ਕਰਨ ਲਈ ਕੂਟਨੀਤਕ ਚੈਨਲਾਂ ਨੂੰ ਮਜ਼ਬੂਤ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਸੱਤਾਧਾਰੀ ਪਾਕਿਸਤਾਨ ਮੁਸਲਿਮ ਲੀਗ-ਨਵਾਜ਼



(ਪੀਐੱਮਐੱਲ-ਐੱਨ) ਦੇ ਮੁਖੀ ਨਵਾਜ਼ ਸ਼ਰੀਫ਼ ਨੇ ਵੀਰਵਾਰ ਦੇਰ ਸ਼ਾਮ ਪ੍ਰਧਾਨ ਮੰਤਰੀ ਹਾਊਸ ਵਿਖੇ ਇੱਕ ਸੁਰੱਖਿਆ ਮੀਟਿੰਗ ਵਿੱਚ ਸ਼ਿਰਕਤ ਕੀਤੀ

## 26/11 ਮੁੰਬਈ ਹਮਲੇ ਦਾ ਮੁਲਜ਼ਮ ਤਹੱਵੁਰ ਰਾਣਾ ਤਿਹਾੜ ਜੇਲ੍ਹ 'ਚ ਤਬਦੀਲ

ਨਵੀਂ ਦਿੱਲੀ, ਲੋਕ ਬਾਣੀ 26/11 ਮੁੰਬਈ ਹਮਲੇ ਦੇ ਮੁਲਜ਼ਮ ਤਹੱਵੁਰ ਰਾਣਾ ਨੂੰ ਸ਼ੁੱਕਰਵਾਰ ਸ਼ਾਮੀਂ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਤਿਹਾਰ ਜੇਲ੍ਹ ਲਿਜਾਇਆ ਗਿਆ। ਇਸ ਤੋਂ ਪਹਿਲਾਂ ਅੱਜ ਦਿਨੇਂ ਦਿੱਲੀ ਕੋਰਟ ਨੇ ਰਾਣਾ ਨੂੰ ਨਿਆਂਇਕ ਹਿਰਾਸਤ ਵਿਚ ਭੇਜ ਦਿੱਤਾ। ਰਾਣਾ ਨੂੰ ਐੱਨਆਈਏ ਹਿਰਾਸਤ ਦੀ ਮਿਆਦ ਮੁੱਕਣ ਤੋਂ



ਇਕ ਦਿਨ ਪਹਿਲਾਂ ਕੌਮੀ ਜਾਂਚ ਏਜੰਸੀ ਦੇ ਜੱਜ ਚੰਦਰ ਜੀਤ ਸਿੰਘ ਕੋਲ ਪੇਸ਼ ਕੀਤਾ ਗਿਆ ਸੀ।

## ਜਥੇਬੰਦੀ ਦੇ ਜ਼ੋਰਦਾਰ ਵਿਰੋਧ ਕਾਰਨ ਕਿਸਾਨ ਆਗੂ ਘੁਡਾਣੀ ਨੂੰ ਕੀਤਾ ਰਿਹਾਅ

ਪਾਇਲ ਲੋਕ ਬਾਣੀ- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਨੂੰ ਜਥੇਬੰਦੀ ਦੇ ਵਿਰੋਧ ਕਾਰਨ ਪੁਲੀਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਰਿਹਾਅ ਕਰ ਦਿੱਤਾ ਗਿਆ।

ਕਿਸਾਨ ਜਥੇਬੰਦੀ ਨੇ ਗ੍ਰਿਫਤਾਰ ਕੀਤੇ ਕਿਸਾਨ ਆਗੂ ਸੁਦਾਗਰ ਸਿੰਘ ਘੁਡਾਣੀ ਨੂੰ ਬਿਨਾਂ ਸ਼ਰਤ ਰਿਹਾਅ ਕਰਵਾਉਣ ਲਈ ਅਤੇ ਆਗੂਆਂ 'ਤੇ ਪਾਏ ਕੇਸ ਰੱਦ ਕਰਵਾਉਣ ਲਈ ਅੱਜ ਦਾਣਾ ਮੰਡੀ ਪਾਇਲ ਵਿੱਚ ਵਿਧਾਇਕ ਦੇ ਦਫਤਰ ਦੇ



ਸਾਹਮਣੇ ਰੋਸ ਮੁਜ਼ਾਹਰਾ ਕਰਨ ਦਾ ਪ੍ਰੋਗਰਾਮ ਉਲੀਕਿਆ ਸੀ ਪਰ ਪੁਲੀਸ ਸਵੇਰ ਤੋਂ ਹੀ ਮੰਡੀ ਵਿੱਚ ਪਹੁੰਚ ਰਹੇ ਕਿਸਾਨਾਂ ਦੀਆਂ ਗ੍ਰਿਫਤਾਰੀਆਂ ਕਰਨ ਲੱਗ ਪਈ।

## ਸਰਕਾਰ ਵੱਲੋਂ ਵਪਾਰੀਆਂ ਨੂੰ ਜ਼ਰੂਰੀ ਵਸਤਾਂ ਦੀ ਜ਼ਖ਼ੀਰੇਬਾਜ਼ੀ ਖ਼ਿਲਾਫ਼ ਚੇਤਾਵਨੀ, ਕਿਹਾ ਭਰਵਾਂ ਸਟਾਕ ਉਪਲਬਧ

ਨਵੀਂ ਦਿੱਲੀ, ਲੋਕ ਬਾਣੀ: ਭਾਰਤ ਅਤੇ ਪਾਕਿਸਤਾਨ ਵਿਚਕਾਰ ਵਧਦੇ ਤਣਾਅ ਦੇ ਵਿਚਕਾਰ, ਕੇਂਦਰੀ ਖੁਰਾਕ ਅਤੇ ਖ਼ਪਤਕਾਰ ਮਾਮਲਿਆਂ ਦੇ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਸ਼ੁੱਕਰਵਾਰ ਨੂੰ ਵਪਾਰੀਆਂ, ਥੋਕ ਵਿਕਰੇਤਾਵਾਂ ਅਤੇ ਪਰਚੂਨ ਵਿਕਰੇਤਾਵਾਂ ਨੂੰ ਜ਼ਰੂਰੀ ਖਾਣ-ਪੀਣ ਦੀਆਂ ਵਸਤਾਂ ਦੀ ਜਮ੍ਹਾਂਖੋਰੀ ਵਿਰੁੱਧ ਚੇਤਾਵਨੀ ਦਿੱਤੀ ਹੈ ਅਤੇ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਕੋਲ ਜ਼ਰੂਰੀ ਚੀਜ਼ਾਂ ਦਾ ਭਰਵਾਂ ਸਟਾਕ ਹੈ। ਸ੍ਰੀ ਜੋਸ਼ੀ ਨੇ ਇੱਕ ਸੋਸ਼ਲ ਮੀਡੀਆ ਪੋਸਟ



ਵਿੱਚ ਕਿਹਾ, ਦੇਸ਼ ਵਿੱਚ ਭੋਜਨ ਦੇ ਭੰਡਾਰਾਂ ਸਬੰਧੀ ਪ੍ਰਚਾਰ ਸੰਦੇਸ਼ਾਂ 'ਤੇ ਵਿਸ਼ਵਾਸ ਨਾ ਕਰੋ। ਸਾਡੇ ਕੋਲ ਲੋੜੀਂਦੇ ਮਾਪਦੰਡਾਂ ਤੋਂ ਕਿਤੇ ਵੱਧ ਭੋਜਨ ਦਾ ਭੰਡਾਰ ਹੈ।

## ਹਰੀਕੇ ਪੱਤਣ ਵਿਖੇ ਧਮਾਕਿਆਂ ਦੀ ਆਵਾਜ਼ ਨਾਲ ਸਹਿਮੇ ਲੋਕ

ਹਰੀਕੇ ਪੱਤਣ ਮੱਖੂ , ਲੋਕ ਬਾਣੀ- -ਕਸਬਾ ਹਰੀਕੇ ਪੱਤਣ ਵਿਖੇ ਅੱਜ ਰਾਤ 9 ਵਜੇ ਜਿਵੇਂ ਹੀ ਬਿਜਲੀ ਬੰਦ ਹੋਈ ਤਾਂ ਅਸਮਾਨ ਵਿਚ ਲਾਲ ਰੋਸ਼ਨੀ ਹੋਈ ਅਤੇ ਧਮਾਕਿਆਂ ਦੀ ਆਵਾਜ਼ ਕਾਰਨ ਪੂਰਾ ਕਸਬਾ ਦਹਿਲ ਗਿਆ। ਕੁਝ-ਕੁਝ ਸਮੇਂ ਬਾਅਦ ਆਈਆਂ ਜ਼ੋਰਦਾਰ ਧਮਾਕਿਆਂ ਦੀ ਆਵਾਜ਼



ਨੇ ਲੋਕਾਂ ਦੇ ਸਾਹ ਸੁਕਾ ਦਿੱਤੇ। ਲੋਕ ਇਕ ਦੂਜੇ ਤੋਂ ਫ਼ੋਨ ਤੇ ਜਾਣਕਾਰੀ ਲੈਣ ਲੱਗੇ , ਪਰ ਅਜੇ ਤੱਕ ਇਨ੍ਹਾਂ ਧਮਾਕਿਆਂ ਬਾਰੇ ਹੋਰ ਕੋਈ ਪੁਖ਼ਤਾ ਜਾਣਕਾਰੀ ਨਹੀਂ ਮਿਲੀ।

## ਭਾਰਤੀ ਫ਼ੌਜ ਨੇ ਅੰਮ੍ਰਿਤਸਰ ਵੱਲ ਆਉਂਦੇ ਪਾਕਿਸਤਾਨੀ ਡਰੋਨ ਕੀਤੇ ਤਬਾਹ

ਅੰਮ੍ਰਿਤਸਰ ਲੋਕ ਬਾਣੀ - ਦੇਰ ਰਾਤ ਹੁਣੇ ਹੁਣੇ ਆਏ ਵੱਖ-ਵੱਖ ਦਿਸ਼ਾਵਾਂ ਤੋਂ ਡਰੋਨ ਜਿਨ੍ਹਾਂ ਦੀ ਰੇਂਜ ਸਿੱਧੀ ਅੰਮ੍ਰਿਤਸਰ ਵੱਲ ਸੀ ਜੋ ਕਿ ਰਾਤ ਦੀ ਹਨੇਰੀ ਵਿਚ ਸਾਫ ਪਾਕਿਸਤਾਨ ਵਾਲੇ ਪਾਸਿਓਂ ਭਾਰਤੀ ਅੰਦਰ ਦਾਖ਼ਲ ਹੁੰਦੇ ਹੀ ਭਾਰਤੀ ਫ਼ੌਜ ਨੇ ਮੁਸਤੈਦੀ ਨਾਲ ਸਾਰੇ ਦੇ ਸਾਰੇ ਪਾਕਿਸਤਾਨ ਦੇ ਡਰੋਨ ਹਵਾ ਵਿਚ ਹੀ ਨਸ਼ਟ ਕਰ ਦਿੱਤੇ ਗਏ ਹਨ । ਵੱਖ-ਵੱਖ ਇਲਾਕਿਆਂ ਦੇ ਲੋਕਾਂ ਦਾ ਕਹਿਣਾ ਹੈ ਕਿ ਛੱਤਾਂ ਦੇ ਉੱਪਰ ਦੀ ਇਹ ਡਰੋਨ ਲੰਘਦੇ ਵੇਖੇ ਗਏ ਹਨ । ਅਟਾਰੀ ਸੁਨੇਹਾ ਦੇ ਨਜ਼ਦੀਕ ਪਿੰਡ ਡੰਡੇ ਜਿੱਥੇ ਕਿ ਡਰੋਨ ਹਵਾ ਵਿਚ



ਉੱਡਦਾ ਪਾਕਿਸਤਾਨ ਵਲੋਂ ਆ ਰਿਹਾ ਸੀ , ਜਿਸ ਤੇ ਭਾਰਤੀ ਫ਼ੌਜ ਨੇ ਤੁਰੰਤ ਕਾਰਵਾਈ ਕਰਦਿਆਂ ਗੋਲੀਆਂ ਨਾਲ ਇਹ ਡਰੋਨ ਜ਼ਮੀਨ ਤੇ ਸੁੱਟ ਲਿਆ ਹੈ ।

## ਫ਼ਿਰੋਜ਼ਪੁਰ ਵਿੱਚ ਡਰੋਨ ਹਮਲੇ 'ਚ ਪਤੀ ਪਤਨੀ ਸਣੇ ਤਿੰਨ ਜ਼ਖ਼ਮੀ

ਫਿਰੋਜ਼ਪੁਰ, ਲੋਕ ਬਾਣੀ- ਪਾਕਿਸਤਾਨ ਵੱਲੋਂ ਅੱਜ ਰਾਤ ਪੰਜਾਬ ਦੇ ਫਿਰੋਜ਼ਪੁਰ, ਪਠਾਨਕੋਟ, ਹੁਸ਼ਿਆਰਪੁਰ ਅਤੇ ਅੰਮ੍ਰਿਤਸਰ ਵਿੱਚ ਕਈ ਹਮਲੇ ਕੀਤੇ ਗਏ, ਜਿਨ੍ਹਾਂ ਨੂੰ ਭਾਰਤੀ ਫ਼ੌਜ ਨੇ ਅਸਮਾਨ ਵਿੱਚ ਹੀ ਨਾਕਾਮ ਕਰ ਦਿੱਤਾ।ਜਾਣਕਾਰੀ ਅਨੁਸਾਰ ਫਿਰੋਜ਼ਪੁਰ ਦੇ ਪਿੰਡ ਖਾਈ ਫੇਮੇ ਕੀ ਵਿੱਚ ਡਰੋਨ ਡਿੱਗਣ ਕਾਰਨ ਇੱਕੋ ਪਰਿਵਾਰ ਦੇ ਤਿੰਨ ਜੀਅ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਦੀ ਪਛਾਣ ਲੱਖਾ ਸਿੰਘ, ਉਸ ਦੀ



ਪਤਨੀ ਅਤੇ ਪੁੱਤਰ ਵਜੋਂ ਹੋਈ ਹੈ। ਔਰਤ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ।

## ਰਾਵੀ ਦਰਿਆ ਨਜ਼ਦੀਕ ਪਿੰਡ ਰੱਤੜ ਛੱਤੜ ਵਿਖੇ ਪਾਕਿ ਸਰਹੱਦ ਵਲੋਂ ਆਉਂਦੇ 2 ਡਰੋਨ ਭਾਰਤੀ ਫੌਜ ਨੇ ਕੀਤੇ ਨਕਾਰਾ

ਡੇਰਾ ਬਾਬਾ ਨਾਨਕਲੋਕ ਬਾਣੀ-- ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕ ਰਾਵੀ ਦਰਿਆ ਦੇ ਨਜ਼ਦੀਕ ਪਿੰਡ ਰੱਤੜ ਛੱਤੜ ਨੇੜੇ ਵੀ ਪਾਕਿਸਤਾਨ ਸਰਹੱਦ ਵੱਲੋਂ ਆਉਂਦੇ ਦੋ ਡਰੋਨ ਦਿਖਾਈ ਦਿੱਤੇ ਜਿਸ ਨੂੰ ਭਾਰਤੀ ਫੌਜ ਵੱਲੋਂ ਮੌਕੇ



ਤੇ ਫਾਇਰਿੰਗ ਕਰਕੇ ਨਕਾਰਾ ਕੀਤਾ ਗਿਆ।

263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
TOURIST VISA
USA/ SCHENGEN
CANADA/ AUSTRALIA/ UK/ NZ
easyvisa
8195 828282
ਅਪਲਾਈ ਕਰਨ ਤੋਂ ਪਹਿਲਾਂ ਲੱਗੇ ਹੋਏ ਵੀਜ਼ਾ ਜਰੂਰ ਚੈਕ ਕਰੋ ਫਿਰ ਅਪਲਾਈ ਕਰੋ



# ਲੋਕ ਰੰਗ

Email:- lokbani08@gmail.com


ਲੋਕ ਬਾਣੀ

ਰੋਜ਼ਾਨਾ ਲੋਕ ਬਾਣੀ

www.lokbani.com




publisher
chief editor
Aman mehra
Lok bani (News paper)
Lokbani08@gmail.com
www Lokbani.com
Mob 9915594111

Head office :308 sangam complex milap chowk Jalandhar Punjab India 01812211009


# ਗਰੀਬਾਂ ਲਈ ਦਵਾਈ

ਵਿਜੈ ਗਰਗ

ਕਈ ਵਾਰ ਅਸੀਂ ਖ਼ਬਰਾਂ ਸੁਣਦੇ ਅਤੇ ਪੜ੍ਹਦੇ ਹਾਂ ਕਿ ਲੱਖਾਂ ਲੋਕ ਆਪਣੇ ਪਰਿਵਾਰਕ ਮੈਂਬਰਾਂ ਦੀਆਂ ਗੰਭੀਰ ਅਤੇ ਲਾਇਲਾਜ ਬਿਮਾਰੀਆਂ ਦੇ ਮਹਿੰਗੇ ਇਲਾਜ ਕਾਰਨ ਗਰੀਬੀ ਦੀ ਦਲਦਲ ਵਿੱਚ ਡੁੱਬ ਗਏ ਹਨ। ਕੋਰੋਨਾ ਸੰਕਟ ਦੌਰਾਨ ਵੀ, ਲੋਕਾਂ ਵੱਲੋਂ ਆਪਣੇ ਘਰ, ਜ਼ਮੀਨ ਅਤੇ ਗਹਿਣੇ ਵੇਚ ਕੇ ਆਪਣੇ ਅਜ਼ੀਜ਼ਾਂ ਦੀਆਂ ਜਾਨਾਂ ਬਚਾਉਣ ਦੀ ਕੋਸ਼ਿਸ਼ ਕਰਨ ਦੀਆਂ ਖ਼ਬਰਾਂ ਮੀਡੀਆ ਵਿੱਚ ਛਾਈਆਂ ਰਹੀਆਂ। ਪਰ ਆਮ ਸਮਿਆਂ ਵਿੱਚ, ਦਵਾਈ ਕੰਪਨੀਆਂ ਦੀ ਮਿਲੀਭੁਗਤ ਅਤੇ ਦਬਾਅ ਹੇਠ ਦਿੱਤੀਆਂ ਜਾਣ ਵਾਲੀਆਂ ਮਹਿੰਗੀਆਂ ਦਵਾਈਆਂ ਵੀ ਗਰੀਬਾਂ ਨੂੰ ਦਰਦ ਦਿੰਦੀਆਂ ਹਨ। ਇਸ ਦੇ ਬਾਵਜੂਦ, ਉਸੇ ਨਮਕ ਵਾਲੀ ਇੱਕੋ ਜਿਹੀ ਗੁਣਵੱਤਾ ਵਾਲੀ ਜੈਨੇਰਿਕ ਦਵਾਈ ਬਾਜ਼ਾਰ ਵਿੱਚ ਆਸਾਨੀ ਨਾਲ ਉਪਲਬਧ ਹੈ। ਕੁਝ ਸਮਾਂ ਪਹਿਲਾਂ, ਕੇਂਦਰ ਸਰਕਾਰ ਵੱਲੋਂ ਜੈਨੇਰਿਕ ਦਵਾਈਆਂ ਲਾਜ਼ਮੀ ਤੌਰ ਤੇ ਲਿਖਣ ਦੇ ਨਿਰਦੇਸ਼ ਦਾ ਬਹੁਤ ਵਿਰੋਧ ਹੋਇਆ ਸੀ, ਜਿਸ ਕਾਰਨ ਇਹ ਫੈਸਲਾ ਵਾਪਸ ਲੈਣਾ ਪਿਆ ਸੀ। ਹੁਣ ਇਹੀ ਚਿੰਤਾ ਦੇਸ਼ ਦੀ ਸਿਖਰਲੀ ਅਦਾਲਤ ਨੇ ਪ੍ਰਗਟ ਕੀਤੀ ਹੈ। ਦਰਅਸਲ, ਪਿਛਲੇ ਸ਼ੁੱਕਰਵਾਰ ਨੂੰ, ਫਾਰਮਾਸਿਊਟੀਕਲ ਕੰਪਨੀਆਂ ਦੇ ਮੁਨਾਫ਼ਾਖੋਰ ਕਾਰੋਬਾਰ ਕਾਰਨ ਦਵਾਈਆਂ ਦੀਆਂ ਵਧਦੀਆਂ ਕੀਮਤਾਂ ਤੇ ਇੱਕ ਕੇਸ ਦੀ ਸੁਣਵਾਈ ਕਰਦੇ ਹੋਏ, ਸੁਪਰੀਮ ਕੋਰਟ ਨੇ ਕਿਹਾ ਕਿ ਜੇਕਰ ਡਾਕਟਰ ਸਿਰਫ਼ ਜੈਨਰਿਕ ਦਵਾਈਆਂ ਲਿਖਣਾ ਸ਼ੁਰੂ ਕਰ ਦਿੰਦੇ ਹਨ, ਤਾਂ ਫਾਰਮਾਸਿਊਟੀਕਲ ਕੰਪਨੀਆਂ ਅਤੇ ਡਾਕਟਰਾਂ ਦਾ ਅਪਵਿੱਤਰ ਗੱਠਜੋੜ ਟੁੱਟ ਸਕਦਾ ਹੈ। ਬਿਨਾਂ ਸ਼ੱਕ, ਕਈ ਤਰ੍ਹਾਂ ਦੇ ਪ੍ਰੇਰਨਾਵਾਂ ਅਤੇ ਸਿੱਧੇ-ਅਸਿੱਧੇ ਲਾਭਾਂ ਦੀ ਪੇਸ਼ਕਸ਼ ਕਰਕੇ, ਦਵਾਈ ਕੰਪਨੀਆਂ ਡਾਕਟਰਾਂ ਤੇ ਮਹਿੰਗੀਆਂ ਦਵਾਈਆਂ ਲਿਖਣ ਲਈ ਦਬਾਅ ਪਾਉਂਦੀਆਂ ਹਨ। ਜਿਸਦੀ ਕੀਮਤ ਉਨ੍ਹਾਂ ਲੋਕਾਂ ਨੂੰ ਚੁਕਾਉਣੀ ਪੈਂਦੀ ਹੈ ਜਿਨ੍ਹਾਂ ਕੋਲ ਮਹਿੰਗੀਆਂ ਦਵਾਈਆਂ ਖਰੀਦਣ ਦੀ ਸਮਰੱਥਾ ਨਹੀਂ ਹੈ। ਅਜਿਹੀ ਸਥਿਤੀ ਵਿੱਚ, ਉਹ ਕਿਸੇ ਤਰ੍ਹਾਂ ਗੰਭੀਰ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਦਾ ਇਲਾਜ ਕਰਜ਼ਾ ਲੈ ਕੇ ਜਾਂ ਆਪਣੇ ਰਿਸ਼ਤੇਦਾਰਾਂ ਦੀ ਮਦਦ ਨਾਲ ਕਰਵਾਉਂਦੇ ਹਨ। ਇਸ ਖਰਚੇ ਦੇ ਦਬਾਅ ਕਾਰਨ ਪਰਿਵਾਰ ਦੇ ਮੈਂਬਰਾਂ ਨੂੰ ਵੀ ਬਹੁਤ ਦੁੱਖ ਝੱਲਣਾ ਪੈਂਦਾ ਹੈ। ਸਮੇਂ-ਸਮੇਂ ਤੇ, ਸਰਕਾਰਾਂ ਨੇ ਦਵਾਈ ਕੰਪਨੀਆਂ ਦੇ ਬੇਲਗਾਮ ਮੁਨਾਫ਼ੇ ਨੂੰ ਰੋਕਣ ਲਈ ਕਦਮਾਂ ਦਾ ਐਲਾਨ ਕੀਤਾ, ਪਰ ਸਮੱਸਿਆ ਦਾ ਕੋਈ ਸਾਰਥਕ ਹੱਲ ਨਹੀਂ ਲੱਭਿਆ ਜਾ ਸਕਿਆ। ਜੇਕਰ ਡਾਕਟਰੀ ਭਾਈਚਾਰਾ ਵੀ ਇਸ ਦਿਸ਼ਾ ਵਿੱਚ ਸਹਿਯੋਗ ਕਰਨਾ ਸ਼ੁਰੂ ਕਰ ਦੇਵੇ, ਤਾਂ ਇਸ ਸਮੱਸਿਆ ਦਾ ਹੱਲ ਕੁਝ ਹੱਦ ਤੱਕ ਸੰਭਵ ਹੋ ਸਕਦਾ ਹੈ। ਪਰ ਵਿਡੰਬਨਾ ਇਹ ਹੈ ਕਿ ਅਜਿਹਾ ਨਹੀਂ ਹੋ ਰਿਹਾ। ਇੱਕ ਹੋਰ ਸੰਕਟ ਫਾਰਮਾਸਿਊਟੀਕਲ ਕੰਪਨੀਆਂ ਦੁਆਰਾ ਕੀਤਾ ਜਾ ਰਿਹਾ ਪ੍ਰਚਾਰ ਹੈ ਕਿ ਜੈਨਰਿਕ ਦਵਾਈਆਂ ਬਿਮਾਰੀ ਦੇ ਇਲਾਜ ਵਿੱਚ ਕਾਫ਼ੀ ਪ੍ਰਭਾਵਸ਼ਾਲੀ ਨਹੀਂ ਹਨ। ਬਿਨਾਂ ਸ਼ੱਕ, ਸਰਕਾਰਾਂ ਨੂੰ ਇਸ ਬਾਰੇ ਗੰਭੀਰਤਾ ਨਾਲ ਸੋਚਣਾ ਪਵੇਗਾ ਕਿ ਜੈਨੇਰਿਕ ਦਵਾਈਆਂ ਨੂੰ ਉਤਸ਼ਾਹਿਤ ਕਰਨ ਦੇ ਉਨ੍ਹਾਂ ਦੇ ਯਤਨ ਸਫਲ ਕਿਉਂ ਨਹੀਂ ਹੁੰਦੇ। ਇੱਕ ਹੋਰ ਕਾਰਨ ਇਹ ਹੈ ਕਿ ਦਵਾਈ ਕੰਪਨੀਆਂ ਦੀ ਲਾਬੀ ਕਾਫ਼ੀ ਸ਼ਕਤੀਸ਼ਾਲੀ ਹੈ ਅਤੇ ਉਹ ਸਮ-ਦਾਨ-ਦੰਡ-ਭੇਦ ਦੀ ਨੀਤੀ ਦੀ ਵਰਤੋਂ ਕਰਕੇ ਆਪਣੇ ਉਤਪਾਦਾਂ ਦੀ ਮਾਰਕੀਟਿੰਗ ਕਰਨ ਵਿੱਚ ਸਫਲ ਹੁੰਦੀਆਂ ਹਨ। ਇੱਥੋਂ ਤੱਕ ਕਿ ਡਾਕਟਰੀ ਭਾਈਚਾਰਾ, ਜੋ ਆਪਣੇ ਆਪ ਨੂੰ ਫਾਰਮਾਸਿਊਟੀਕਲ ਕੰਪਨੀਆਂ ਦੇ ਲਾਲਚ ਤੋਂ ਮੁਕਤ ਕਰਨ ਵਿੱਚ ਅਸਮਰੱਥ ਹੈ, ਨੂੰ ਵੀ ਅਜਿਹੇ ਦੋਸ਼ਾਂ ਤੋਂ ਮੁਕਤ ਨਹੀਂ ਕੀਤਾ ਜਾ ਸਕਦਾ। ਸਰਕਾਰਾਂ ਨੂੰ ਇਹ ਦੇਖਣਾ ਚਾਹੀਦਾ ਹੈ ਕਿ ਫਾਰਮਾਸਿਊਟੀਕਲ ਕੰਪਨੀਆਂ ਦੁਆਰਾ ਕੀਤੇ ਜਾਂਦੇ ਦੁਰਵਿਵਹਾਰਾਂ ਨੂੰ ਕੰਟਰੋਲ ਕਰਨ ਦੇ ਯਤਨ ਜ਼ਮੀਨੀ ਪੱਧਰ ਤੇ ਹਕੀਕਤ ਕਿਉਂ ਨਹੀਂ ਬਣਦੇ। ਜੇਕਰ ਇਹ ਕਦਮ ਸਖ਼ਤੀ ਨਾਲ ਚੁੱਕੇ ਜਾਂਦੇ ਹਨ, ਤਾਂ ਗਰੀਬ ਮਰੀਜ਼ ਗੰਭੀਰ ਬਿਮਾਰੀਆਂ ਦਾ ਇਲਾਜ ਕਰਵਾਉਣ ਦੇ ਯੋਗ ਹੋ ਜਾਣਗੇ। ਫਿਰ ਉਨ੍ਹਾਂ ਦੇ ਅਜ਼ੀਜ਼ਾਂ ਦਾ ਉਨ੍ਹਾਂ ਦੀ ਸਮਰੱਥਾ ਅਨੁਸਾਰ ਇਲਾਜ ਕੀਤਾ ਜਾ ਸਕਦਾ ਹੈ। ਬਿਨਾਂ ਸ਼ੱਕ, ਦਵਾਈਆਂ ਦੀ ਕੀਮਤ ਲੰਬੇ ਸਮੇਂ ਦੀਆਂ ਅਤੇ ਲਾਇਲਾਜ ਬਿਮਾਰੀਆਂ ਦੇ ਇਲਾਜ ਵਿੱਚ ਇੱਕ ਵੱਡਾ ਕਾਰਕ ਹੈ। ਜੇਕਰ ਦਵਾਈਆਂ ਨਿਯੰਤਰਿਤ ਕੀਮਤਾਂ ਤੇ ਉਪਲਬਧ ਹੋਣ, ਤਾਂ ਉਨ੍ਹਾਂ ਦੀ ਵੱਡੀ ਚਿੰਤਾ ਦੂਰ ਹੋ ਸਕਦੀ ਹੈ। ਬਿਨਾਂ ਸ਼ੱਕ, ਦਵਾਈਆਂ ਦੀ ਕੀਮਤ ਸਾਡੀਆਂ ਡਾਕਟਰੀ ਸੇਵਾਵਾਂ ਲਈ ਇੱਕ ਵੱਡੀ ਚੁਣੌਤੀ ਬਣੀ ਹੋਈ ਹੈ। ਸਰਕਾਰ ਨੂੰ ਪਿੰਡਾਂ ਤੋਂ ਸ਼ਹਿਰਾਂ ਤੱਕ ਜੈਨਰਿਕ ਦਵਾਈਆਂ ਲਈ ਵੱਡੀ ਗਿਣਤੀ ਵਿੱਚ ਮੈਡੀਕਲ ਸਟੋਰ ਖੋਲ੍ਹਣੇ ਚਾਹੀਦੇ ਹਨ। ਮਰੀਜ਼ਾਂ ਦੇ ਸਹਾਇਕ ਉਨ੍ਹਾਂ ਤੱਕ ਆਸਾਨੀ ਨਾਲ ਪਹੁੰਚ ਸਕਦੇ ਹਨ। ਇਸ ਕੰਮ ਵਿੱਚ ਸਵੈ-ਸਹਾਇਤਾ ਸਮੂਹਾਂ ਦੀ ਮਦਦ ਲਈ ਜਾ ਸਕਦੀ ਹੈ ਤਾਂ ਜੋ ਗਰੀਬ ਅਤੇ ਅਨਪੜ੍ਹ ਮਰੀਜ਼ਾਂ ਨੂੰ ਜਾਗਰੂਕ ਕਰਕੇ ਜੈਨਰਿਕ ਦਵਾਈਆਂ ਦੀ ਵਰਤੋਂ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਮਰੀਜ਼ਾਂ ਦੇ ਰਿਸ਼ਤੇਦਾਰਾਂ ਨੂੰ ਭਰੋਸਾ ਦਿੱਤਾ ਜਾਣਾ ਚਾਹੀਦਾ ਹੈ ਕਿ ਜੈਨਰਿਕ ਦਵਾਈਆਂ ਉਸੇ ਨਮਕ ਤੋਂ ਬਣਦੀਆਂ ਹਨ ਜਿਸ ਤੋਂ ਮਹਿੰਗੀਆਂ ਬ੍ਰਾਂਡੇਡ ਦਵਾਈਆਂ ਬਣੀਆਂ ਹੁੰਦੀਆਂ ਹਨ। ਯਕੀਨਨ, ਇਹ ਡਾਕਟਰੀ ਭਾਈਚਾਰੇ ਦਾ ਫਰਜ਼ ਹੈ ਕਿ ਉਹ ਰਿਸ਼ੀਕਰਮਾ ਕਰਨ ਦੇ ਆਪਣੇ ਫਰਜ਼ ਨੂੰ ਪੂਰਾ ਕਰਨ ਅਤੇ ਗਰੀਬ ਮਰੀਜ਼ਾਂ ਨੂੰ ਵੱਧ ਤੋਂ ਵੱਧ ਜੈਨਰਿਕ ਦਵਾਈਆਂ ਲਿਖਣੀਆਂ ਸ਼ੁਰੂ ਕਰਨ। ਇਹ ਉਨ੍ਹਾਂ ਲਈ ਵੀ ਇੱਕ ਨੇਕ ਕੰਮ ਵਾਂਗ ਹੋਵੇਗਾ। ਪਰ ਇੱਕ ਗੱਲ ਪੱਕੀ ਹੈ ਕਿ ਸਰਕਾਰ ਨੂੰ ਪ੍ਰਭਾਵਸ਼ਾਲੀ ਅਤੇ ਬਰਾਬਰ ਗੁਣਵੱਤਾ ਵਾਲੀਆਂ ਜੈਨਰਿਕ ਦਵਾਈਆਂ ਦੀ ਵਿਕਰੀ ਅਤੇ ਆਸਾਨ ਉਪਲਬਧਤਾ ਲਈ ਜੰਗੀ ਪੱਧਰ ਤੇ ਯਤਨ ਕਰਨੇ ਚਾਹੀਦੇ ਹਨ। ਨਾਲ ਹੀ, ਸੂਚਨਾ ਮੀਡੀਆ ਅਤੇ ਸਵੈ-ਇੱਛੁਕ ਸੰਗਠਨਾਂ ਦੀ ਮਦਦ ਨਾਲ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣੀਆਂ ਚਾਹੀਦੀਆਂ ਹਨ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਵੀਸ਼ ਮਲੋਟ ਪੰਜਾਬ

## ਨਿਰਦੋਸ਼

ਬੇਦੋਸ਼ੇ  ਨਿਰਦੋਸ਼ ਹੀ ਮਾਰੇ ਜਾਂਦੇ ਨੇ ,  
ਬੇਇੱਜ਼ਤੇ ਲੋਕਾਂ ਦੀ ਇੱਜ਼ਤ ਬਚ ਜਾਂਦੀ,  
ਇੱਜ਼ਤਾਂ ਵਾਲੇ ਹੀ ਲਤਾੜੇ ਜਾਂਦੇ ਨੇ ।  
ਬੇਦੋਸ਼ੇ ਨਿਰਦੋਸ਼ ਹੀ ਮਾਰੇ ਜਾਂਦੇ ਨੇ।

ਖੋਹਲ ਕੇ ਵੇਖ ਇਤਿਹਾਸ ਪੱਤਾਂ ਦੇ ਰਾਖਿਆਂ ਦਾ,  
ਧਰਮ ਲਈ ਕਿੰਜ ਬੰਦ ਬੰਦ ਵਾਰੇ ਜਾਂਦੇ ਨੇ ।  
ਬੇਦੋਸ਼ੇ ਨਿਰਦੋਸ਼ ਹੀ ਮਾਰੇ ਜਾਂਦੇ ਨੇ।

ਬੰਦਾ ਸਮਝ ਨਹੀਂ ਸਕਿਆ ਅਜੇ ਤੱਕ  ਆਪੇ ਨੂੰ ,  
ਦੂਜਿਆਂ ਦੇ ਹੀ ਪੁਤਲੇ ਸਾੜੇ ਜਾਂਦੇ ਨੇ,  
ਬੇਦੋਸ਼ੇ ਨਿਰਦੋਸ਼ ਹੀ ਮਾਰੇ ਜਾਂਦੇ ਨੇ।

ਕਰੋ ਲੜਾਈ ਮਾਫ਼ ,ਮਜ਼ਲੂਮ ਨਾ  ਮਰ ਜਾਵਣ ,  
ਤੀਲਾ ਤੀਲਾ ਘਰ ਉਸਾਰੇ ਜਾਂਦੇ ਨੇ,  
ਬੇਦੋਸ਼ੇ ਨਿਰਦੋਸ਼ ਹੀ ਮਾਰੇ ਜਾਂਦੇ ਨੇ।

ਰੁਤਬੇ,ਦੌਲਤ,ਗ਼ੂਰ ਹੈ ਸਬ ਖ਼ਾਕ ਸਾਵਣ  
ਹੁਕਮ ਵਸੇ,ਹੁਕਮੇ ਉਜਾੜੇ ਜਾਂਦੇ ਨੇ।  
ਬੇਦੋਸ਼ੇ ਨਿਰਦੋਸ਼ ਹੀ ਮਾਰੇ ਜਾਂਦੇ ਨੇ।



ਡਾ ਸ਼ਾਯਰ ਸਾਵਣ  
ਜਲੰਧਰ

# ਪੰਜ ਸਰੀਰ ਦੇ ਵਫ਼ਾਦਾਰ ਅੰਗ

ਫਗਵਾੜਾ ( -ਸੁਸ਼ੀਲ ਸ਼ਰਮਾ )

ਪੰਜ ਤੱਤਾਂ ਦੇ ਸਾਡੇ ਸਰੀਰ ਨੂੰ ਪਰਮਾਤਮਾ ਨੇ ਇੱਕੋ ਚਮੜੀ ਦੇ ਨਾਲ ਵੱਖ ਵੱਖ ਅੰਗਾਂ ਦੇ ਰੂਪ ਵਿੱਚ ਨਿਵਾਜਿਆ ਹੈ ਅਤੇ ਹਰ ਇੱਕ ਅੰਗ ਦਾ ਸਾਡੇ ਸਰੀਰ ਵਿੱਚ ਆਪਣਾ ਇੱਕ ਅਲੱਗ ਹੀ ਅਤੇ ਅਹਿਮ ਯੋਗਦਾਨ ਹੈ। ਅਤੇ ਹਰ ਅੰਗ ਸਾਡੇ ਸਰੀਰ ਨੂੰ ਸੰਪੂਰਨ ਰੂਪ ਵਿੱਚ ਕਿਰਿਆ ਕਰਵਾਉਂਦਾ ਰਹਿੰਦਾ ਹੈ, ਅਤੇ ਸ਼ਰੀਰ ਰਾਹੀਂ ਜ਼ਿੰਦਗੀ ਜਿਉਣ ਦੇ ਹਰ ਪੜਾਅ ਦੇ ਰੂਬਰੂ ਕਰਵਾਉਂਦਾ ਹੈ। ਪਰ ਕਦੇ ਸੋਚਿਆ ਹੈ ਸਾਰੇ ਅੰਗਾਂ ਦੇ ਨਾਲ ਨਾਲ ਜੇਕਰ ਸਾਡੇ ਸਰੀਰ ਵਿੱਚ ਪਰਮਾਤਮਾ ਵੱਲੋਂ ਪੈਰ ਨਾ ਬਣਾਏ ਜਾਂਦੇ ਤਾਂ ਜ਼ਿੰਦਗੀ ਦੇ ਖ਼ੂਬਸੂਰਤ ਪੈਂਡਿਆਂ ਨੂੰ ਅਸੀਂ ਕਿਸ ਪ੍ਰਕਾਰ ਨਾਲ ਪੂਰਾ ਕਰਦੇ ?  ਜ਼ਿੰਦਗੀ ਦੇ ਉਹ ਲੰਮੇ ਪੈਂਡੇ ਜੋ ਕਦੇ ਜ਼ਿੰਦਗੀ ਦੇ ਹਸੀਨ ਰੂਪ ਦੇ ਸਫਰ ਚ ਅਤੇ ਕਦੇ ਸਾਡੀ ਰੋਜ਼ਮਰਾ ਦੀ ਜ਼ਿੰਦਗੀ ਦੇ ਸਫਰ ਭਾਵ ਰੋਜ਼ ਦੇ ਕੰਮਕਾਜਾਂ ਨੂੰ ਅਤੇ ਸ਼ਰੀਰ ਰੂਪੀ ਲੰਮੇ ਪੈਂਡੇ ਨੂੰ ਅਸੀਂ ਰੋਜ਼ ਕਿਵੇਂ ਤੈਅ ਕਰਦੇ ?

ਇੱਕ ਅਹਿਸਾਸ ਅਤੇ ਇੱਕ ਲੋਜਿਕਲ  ਵੇਅ ਵਜੋਂ ਜੇਕਰ ਅਸੀਂ ਗੱਲ ਕਰੀਏ ਸਾਡੇ ਸਰੀਰ ਦੇ ਸਭ ਤੋਂ ਵਫਾਦਾਰ ਅੰਗ ਵਜੋਂ ਸਾਡੇ ਪੈਰ ਸਾਡੇ ਸਰੀਰ ਨਾਲ ਪ੍ਰਤੱਖ ਰੂਪ ਵਿਚ ਵਿਚਰਦੇ ਹਨ। ਜੇਕਰ ਪਰਮਾਤਮਾ ਵੱਲੋਂ ਪੰਛੀਆਂ ਨੂੰ ਉਡਾਣ ਵਾਸਤੇ ਖੰਭ ਦਿੱਤੇ ਗਏ ਹਨ ਤਾਂ ਇਨਸਾਨ ਨੂੰ ਵੀ ਪਰਮਾਤਮਾ ਵੱਲੋਂ ਜ਼ਿੰਦਗੀ ਦੇ ਹਰ ਪ੍ਰਕਾਰ ਦੇ  ਸਫ਼ਰ ਤੈਅ ਕਰਨ ਲਈ ਸਰੀਰ ਦੇ ਹਿੱਸੇ ਵਜੋਂ ਪੈਰ ਦਿੱਤੇ ਗਏ ਹਨ, ਜਾਂ ਕਹਿ ਲਓ ਖ਼ੂਬਸੂਰਤ ਸਫ਼ਰ ।

ਆਓ ਜਾਣੀਏ ਸਰੀਰ ਦੇ ਵਫ਼ਾਦਾਰ ਅੰਗ ਪੈਰਾਂ ਬਾਰੇ,,,,,

ਜੇਕਰ ਇਹ ਮੰਨ ਕੇ ਚੱਲੀਏ ਕਿ ਪੈਰ ਸਰੀਰ ਦੇ ਸਭ ਤੋਂ ਵਫਾਦਾਰ ਅੰਗ ਹਨ ਤਾਂ ਇਹ ਗਲਤ ਨਹੀਂ ਹੋਵੇਗਾ। ਸਰੀਰਕ ਰਚਨਾ ਵਿਗਿਆਨ ਚ ਦੱਸਿਆ ਜਾਂਦਾ ਹੈ ਕਿ ਪ੍ਰਤੇਕ ਪੈਰ ਵਿੱਚ 26 ਹੱਡੀਆਂ ਹੁੰਦੀਆਂ ਹਨ ਅਤੇ ਦੋਵੇਂ ਪੈਰਾਂ ਵਿੱਚ ਸੰਪੂਰਨ ਸਰੀਰ ਦੀਆਂ ਇੱਕ ਚੌਥਾਈ ਹੱਡੀਆਂ ਹੁੰਦੀਆਂ ਹਨ । ਜਿਹੜੀਆਂ 107 ਲਿਗਾਮੈਂਟ ਅਤੇ 19 ਮਾਸ ਪੇਸ਼ੀਆਂ ਨਾਲ ਪਰਸਪਰ ਬੰਨੀਆਂ ਹੁੰਦੀਆਂ ਹਨ। ਕਨੈਕਟਿਵ ਟਿਸ਼ੂ, ਰਕਤ ਧਮਨੀਆਂ ਅਤੇ ਨਸਾਂ ਨਾਲ ਜੁੜੀਆਂ ਹੁੰਦੀਆਂ ਹਨ । ਇਹ ਸਭ ਚਮੜੀ ਨਾਲ ਢਕਿਆ ਹੁੰਦਾ ਹੈ ਜਿਸ ਵਿੱਚ ਨਸਾਂ  ਦੇ 7200 ਸਿਰੇ ਹੁੰਦੇ ਹਨ । ਪੈਰ ਸਰੀਰ ਦਾ ਇੱਕ ਛੋਟਾ ਜਿਹਾ ਭਾਗ ਹੋਣ ਦੇ ਬਾਵਜੂਦ ਵੀ 60 ਤੋਂ 80 ਕਿਲੋਗ੍ਰਾਮ ਭਾਰ ਅਤੇ 150 ਤੋਂ 180 ਸੈਂਟੀਮੀਟਰ ਦੀ ਉਚਾਈ ਵਾਲੇ ਸਰੀਰ ਨੂੰ ਆਧਾਰ ਪ੍ਰਦਾਨ ਕਰਦਾ ਹੈ। ਇਸ ਨੂੰ ਚਲਾਉਂਦਾ ਹੈ ਅਤੇ ਸਰੀਰ ਦਾ ਸੰਤੁਲਨ ਬਣਾਈ ਰੱਖਦਾ ਹੈ । ਪ੍ਰਤੀ ਦਿਨ ਟਹਿਲਣ,  ਹੌਲੀ ਹੌਲੀ ਉਛਲ ਕੁਦ ਕਰਦਿਆਂ ਦੌੜ ਲਗਾਉਣ ਨਾਲ ਸਰੀਰ ਨੂੰ ਉਸਤਨ 1000 ਟਨ ਦੇ ਬਰਾਬਰ ਹਿਚਕੋਲੇ ਜਾਂ ਧੱਕੇ ਲੱਗਦੇ ਹਨ।

ਜਾਂ  ਫਿਰ ਵੀ ਬਿਨਾਂ ਕਿਸੇ ਆਰਾਮ ਜਾਂ ਸ਼ਿਕਾਇਤ ਦੇ ਜੀਵਨ ਦੇ ਅੰਤ ਤੱਕ ਪੈਰ ਆਪਣੇ ਕੰਮ ਵਿੱਚ  ਲੱਗੇ ਰਹਿੰਦੇ ਹਨ। ਅਤੇ ਜ਼ਿੰਦਗੀ ਦੇ ਹਰ ਪੜਾਅ ਮੁਤਾਬਿਕ ਚਲਦੇ ਰਹਿਣ ਦੀ ਜ਼ਰੂਰਤ ਨੂੰ ਪੂਰਾ ਕਰਦੇ ਹਨ।

ਪਰ ਕੀ ਤੁਸੀਂ ਜਾਣਦੇ ਹੋ ?

ਪੈਰ ਸਾਡੇ ਮਨ ਮੁਤਾਬਿਕ ਵੀ ਕੰਮ ਕਰਦੇ ਹਨ। ਜਿਸ ਤਰ੍ਹਾਂ ਅਸੀਂ ਦੇਖਣ ਦਾ ਕੰਮ ਹੱਥਾਂ ਤੋਂ ਨਹੀਂ ਲੈ ਸਕਦੇ,  ਸਵਾਦ ਦਾ ਕੰਮ ਅੱਖਾਂ ਤੋਂ ਨਹੀਂ ਲੈ ਸਕਦੇ ,ਉਸੇ ਤਰ੍ਹਾਂ ਸਾਡੇ ਮਨ ਪਸੰਦ ਸਥਾਨ ਜਗ੍ਹਾ ਜਾਂ ਸਫ਼ਰ ਨੂੰ ਅਸੀਂ  ਬਿਨਾਂ ਪੈਰਾਂ ਤੋਂ ਨਹੀਂ ਪੂਰਾ ਕਰ ਸਕਦੇ।  ਜੇਕਰ ਕਿਸੇ ਅਹਿਸਾਸ ਨੂੰ ਪੂਰਾ ਕਰਨ ਵਿੱਚ ਮਨ ਦਾ ਅਹਿਮ ਯੋਗਦਾਨ ਹੈ,  ਉਸੇ ਤਰ੍ਹਾਂ ਉਸ ਅਹਿਸਾਸ ਨੂੰ ਜਿਉਣ ਲਈ ਸਫ਼ਰ ਦੇ ਰੂਪ ਵਿੱਚ ਪੂਰਾ ਕਰਨ ਲਈ  ਪੈਰਾਂ ਦਾ ਅਹਿਮ  ਯੋਗਦਾਨ ਹੈ, ਤਾਂ ਤਾਂ ਹੋਏ ਨਾ ਤਾਂ ਪੈਰ ਸਰੀਰ ਦੇ ਸਭ ਤੋਂ ਵਫਾਦਾਰ ਅੰਗ।



ਡਾ ਸ਼ਾਵੰਤ ਸਿੰਘ ਸਾਵਣ  
ਐਮ.ਡੀ.  
ਸਾਵਣ ਨੇਚਰੋਪੈਥੀ

# ਪੰਜਾਬ ਚ ਕਾਲਾ ਦੌਰ ਸ਼ੁਰੂ ਕਰਨ ਲਈ ਕਾਂਗਰਸ ਵੱਲੋਂ ਫਿੱਟ ਕੀਤਾ ਭਿੰਡਰਾਵਾਲਾ ਜਿੰਮੇਵਾਰ ਸਾਬਿਤ ਹੋਇਆ ???

ਸ਼ਾਂਤੀ ਦੇ ਪੁੰਜ ਦਰਬਾਰ ਸਾਹਿਬ ਨੂੰ ਮੋਰਚਾਬੰਦੀ ਕਰਕੇ ਕਿਲਾ ਬਣਾਉਣਾ,,ਭਿੰਡਰਾਵਾਲੇ ਵੱਲੋਂ ਨਿਰਦੋਸ਼ ਹਿੰਦੂਆਂ ਦੇ ਕਤਲ ਕਰਵਾਉਣੇ,,ਭਿੰਡਰਾਵਾਲੇ ਦੀ ਸੱਜੀ ਬਾਂਹ ਸੋਢੀ ਵੱਲੋਂ ਸ਼ਿੰਦੇ ਦੀ ਮਸ਼ੂਕ ਬਲਜੀਤ ਕੌਰ ਨਾਲ ਬਲਾਤਕਾਰ ਕਰਨਾ,,,ਸ਼ਿੰਦੇ ਅਤੇ ਬਲਜੀਤ ਕੌਰ ਵੱਲੋਂ ਸੋਢੀ ਨੂੰ ਸਿੰਧੀ ਹੋਟਲ ਵਿੱਚ ਸਦਕੇ ਧਕੇਸਾਹੀ ਦਾ ਬਦਲਾ ਲੈਣ ਲਈ ਗੋਲੀਆਂ ਮਾਰਕੇ ਭੁੰਨਣਾ,,,ਉਸ ਸਮੇਂ ਭਿੰਡਰਾਵਾਲਾ ਲੰਗਰ ਦੀ ਛੱਤ ਉੱਪਰ ਬੈਠਾ ਸੀ,ਬਲਜੀਤ ਕੌਰ ਸੋਢੀ ਦਾ ਕਤਲ ਕਰਕੇ ਉਹੀ ਰਿਵਾਲਵਰ ਹੱਥ ਵਿੱਚ ਫੜਕੇ ਪੌੜੀਆਂ ਚੜਕੇ ਭਿੰਡਰਾਂਵਾਲੇ ਕੋਲ ਜਾਦੀ ਆ,(ਉਸਦੇ ਦਿਮਾਗ਼ ਚ ਇਹੀ ਹੋਵੇਗਾ ਕੇ ਭਿੰਡਰਾਂਵਾਲੇ ਨੇ ਸਟੇਜਾਂ ਤੇ ਲਲਕਾਰ ਕੇ ਆਖਿਆ ਹੈ ਕਿ ਕੇ ਕੋਈ ਵੀ ਕਿਸੇ ਧੀ ਭੈਣ ਨਾਲ ਬਲਾਤਕਾਰ ਜਾਂ ਛੇੜਛਾੜ ਕਰਦਾ ਹੈ ਤਾ ਉਸ ਜਾਲਮ ਨੂੰ ਸੋਧਾ ਲਾਕੇ ਆ ਜਾਓ,ਮੈ ਸਾਂਭਾਂਗਾ),,,,ਪਰ ਕਹਿਣੀ ਤੇ ਕਰਨੀ ਚ ਫ਼ਰਕ ਨਿਕਲਿਆ,,ਬਲਜੀਤ ਕੌਰ ਉਸੇ ਆਸ ਨਾਲ ਜਾਦੀ ਹੈ ਕੇ ਮੈਂ ਭਿੰਡਰਾਵਾਲੇ ਨੂੰ ਸਾਰੀ ਗੱਲ ਦੱਸਾਂਗੀ,,ਭਿੰਡਰਾਵਾਲਾ ਮੈਨੂੰ ਸਾਬਾਸੀ ਦੇਵੇਗਾ ਤੇ ਧੀ ਵਾਂਗ ਸਾਂਭੇਗਾ,,,ਪਰ ਹੋਇਆ ਉਸਦੀ ਸੋਚ ਦੇ ਬਿਲਕੁਲ ਉਲਟ,,ਭਿੰਡਰਾਵਾਲੇ ਦੀ ਕਹਿਣੀ ਤੇ ਕਰਨੀ ਚ ਜਮੀਨ ਅਸਮਾਨ ਦਾ ਫ਼ਰ ਨਿਕਲਿਆ ???
ਬਲਜੀਤ ਕੌਰ ਦੂਰੋਂ ਰਿਵਾਲਵਰ ਲਹਿਰਾਉਂਦੀ ਵੇਖਕੇ ਆਪਣੇ ਸਾਥੀਆਂ ਨੂੰ ਆਖ ਦਿੰਦਾ ਹੈ ਕਿ ਇਸ ਪਾਗਲ ਔਰਤ ਨੂੰ ਇੱਥੋਂ ਲੈ ਜਾਵੋ,,ਭਿੰਡਰਾਵਾਲੇ ਦੇ ਲਾਭ ਸਿੰਘ ਉਰਫ ਸੁੱਖਾ ਸਿਪਾਹੀ ਵਰਗੇ ਪੰਜ ਚਾਰ ਹੋਰ ਚੇਲੇ ਬਲਜੀਤ ਕੌਰ ਨੂੰ ਫੜਕੇ ਅਕਾਲ ਤਖਤ ਦੇ ਨਾਲ ਲੱਗਦੇ ਕਮਰੇ ਵਿੱਚ ਲੈ ਜਾਂਦੇ ਹਨ,,ਇਨੇ ਟਾਈਮ ਤੱਕ ਸੋਢੀ ਦੇ ਕਤਲ ਦਾ ਭਿੰਡਰਾਵਾਲੇ ਨੂੰ ਪਤਾ ਲੱਗ ਜਾਂਦਾ ਹੈ,,,ਭਿੰਡਰਾਵਾਲੇ ਦੇ ਸਮਰਥਕਾਂ ਵੱਲੋਂ ਵੈਸੇ ਵੀ ਅਟੈਕ ਸਮੇ ਬਹੁਤ ਗੱਪ ਕਹਾਣੀਆਂ ਸੁਣਾਈਆਂ ਗਈਆਂ,ਜਿਹੜੀਆਂ ਹੁਣ ਹੌਲੀ-੨ ਝੂਠੀਆਂ ਸਾਬਿਤ ਹੋ ਰਹੀਆਂ ਹਨ,ਕਿਉਂਕਿ ਮੀਡੀਆ ਵਿੱਚ ਬਹੁਤ ਚਸ਼ਮਦੀਦ ਗਵਾਹ ਸਾਹਮਣੇ ਆ ਚੁੱਕੇ ਹਨ,ਜਿਨ੍ਹਾਂ ਨੇ ਝੂਠ ਤੋ ਪਰਦਾ ਚੁੱਕ ਦਿੱਤਾ ਹੈ,,,ਸੋਢੀ ਦੇ ਕਤਲ ਦੀ ਵੀ ਝੂਠੀ ਕਹਾਣੀ ਬਣਾਈ ਗਈ ਸੀ ਕੇ ਬਲਜੀਤ ਕੌਰ ਲੌਂਗੋਵਾਲ ਦੇ ਕਹਿਣ ਤੇ ਭਿੰਡਰਾਵਾਲੇ ਨੂੰ ਮਾਰਨ ਆਈ ਸੀ,,ਅਗਰ ਉਸਨੇ ਮਾਰਨਾ ਹੁੰਦਾ ਤਾ ਪਿਸਟਲ ਉੱਪਰ ਕਰਕੇ ਲਹਿਰਾਉਦੀ-੨ ਆਉਣ ਦੀ ਕੀ ਲੋੜ ਸੀ ???
ਉਸਤੋਂ ਬਾਅਦ ਬਲਜੀਤ ਕੌਰ ਨੂੰ ਕਮਰੇ ਵਿੱਚ ਬੰਦ ਕਰਕੇ ਹੱਥ ਪੈਰ ਬੰਨਕੇ ਭਿੰਡਰਾਂਵਾਲੇ ਦੇ ਸਾਹਮਣੇ ਅੰਨਾ ਤਸ਼ੱਦਦ ਕਰਨਾ,ਛਾਤੀਆਂ ਤੇ ਗੁਪਤ ਅੰਗਾਂ ਨੂੰ ਗਰਮ ਸਰੀਆ ਨਾਲ ਪਾੜ ਦੇਣਾ,,,ਜ਼ੁਲਮ ਕਰਕੇ ਟੁਕੜੇ-੨ ਕਰਕੇ ਬਾਹਰ ਸੁੱਟ ਆਉਣਾ,,,ਇਹ ਕਿਹੋ ਜਿਹੀ ਤੇ ਕਿਹੜੇ ਮਕਸਦ ਨੂੰ ਲੈਕੇ ਇਹ ਜੰਗ ਲੜੀ ਜਾ ਰਹੀ ਸੀ! ਦਸ ਨੰਬਰੀਏ,ਲੁਟੇਰਿਆਂ,ਬਲੈਕੀਆ ਤੇ ਕਾਤਲਾਂ ਨੇ ਪੁਲਿਸ ਤੋ ਬਚਣ ਲਈ ਗੁਰੂ ਰਾਮਦਾਸ ਸਰਾਂ ਵਿੱਚ ਠਿਕਾਣੇ ਬਣਾ ਰੱਖੇ ਸੀ,,,,ਲੁੱਟਾਂ ਖੋਹਾਂ ਤੇ ਕਤਲਾ ਦੀਆ ਵਾਰਦਾਤਾਂ ਕਰਕੇ ਦਰਬਾਰ ਸਾਹਿਬ ਚ ਲੁਕ ਜਾਂਦੇ ਸਨ,,,ਸੱਚ ਤਾਂ ਇਹ ਹੈ ਕੇ ਪੰਜਾਬ ਖਾਸ ਕਰਕੇ ਸਿੱਖਾਂ ਦੀ ਬਰਬਾਦੀ ਦਾ ਦੂਜਾ ਨਾਮ ਭਿੰਡਰਾਵਾਲਾ ਹੈ,,ਜਿਹੜਾ ਹੱਸਦੇ ਵੱਸਦੇ ਇੱਕ ਨੰਬਰ ਸੂਬੇ ਨੂੰ 50 ਸਾਲ ਪਿੱਛੇ ਪਾ ਗਿਆ! ਉਸਤੋਂ ਬਾਅਦ 85 ਤੋ 92 ਤੱਕ ਹਜ਼ਾਰਾਂ ਬੇਕਸੂਰ ਲੋਕ ਮਾਰੇ ਗਏ,ਸਿੱਖ ਨੌਜਵਾਨ ਝੂਠੇ ਮੁਕਾਬਲਿਆਂ ਵਿੱਚ ਮਾਰ ਮੁਕਾ ਦਿੱਤੇ! ਪੁਲਿਸ ਤੇ ਸੀ ਆਰ ਪੀ ਵਾਲੇ ਵੀ ਮਾਰੇ ਗਏ! ਕੌੜੀ ਸੱਚਾਈ ਇਹ ਹੈ ਦਿੱਲੀ ਸਿੱਖ ਕਤਲੇਆਮ ਲਈ ਵੀ ਅਸਿੱਧੇ ਭਿੰਡਰਾਵਾਲਾ ਅਤੇ ਕਾਂਗਰਸ ਪਾਰਟੀ ਜਿੰਮੇਵਾਰ ਹੈ,,ਐਕਸਨ ਦਾ ਰੀਐਕਸਨ ਹੋਇਆ ?? ਅੱਧੀ ਕੌਮ ਮਰਵਾਕੇ ਭਿੰਡਰਾਂਵਾਲੇ ਨੇ ਪ੍ਰਾਪਤੀ ਕੀ ਕੀਤੀ ਆ ??
ਅਸੀਂ ਵੀ ਉਸ ਸਮੇਂ ਕਾਲਜ ਟਾਈਮ ਭਿੰਡਰਾਂਵਾਲੇ ਦੇ ਫੁੱਲ ਸੁਪੋਟਰ ਹੁੰਦੇ ਸੀ,ਆਈਡਲ ਮੰਨਦੇ ਸੀ ,,,ਕਾਲਜ ਟਾਈਮ ਉਮਰ ਇਹੋ ਜਿਹੀ ਹੁੰਦੀ ਆ ਕੇ ਇਨਸਾਨ ਜਜ਼ਬਾਤਾ ਚ ਆ ਜਾਂਦਾ,ਫੈਡਰੇਸ਼ਨ ਵਿੱਚ ਪੂਰੇ ਸਰਗਰਮ ਰਹਿੰਦੇ ਸੀ,,,ਪਰੰਤੂ ਹੁਣ ਕੁਝ ਸਾਲਾਂ ਤੋਂ ਜੋ ਚਸ਼ਮਦੀਦ ਗਵਾਹਾਂ ਦਾ ਜੋ ਸੱਚ ਸਾਹਮਣੇ ਆ ਰਿਹਾ,,ਉਸਤੋ ਮੁਨਕਰ ਨਹੀਂ ਹੋਇਆ ਜਾ ਸਕਦਾ! ਨਵੀਂ ਸਿੱਖ ਨੌਜਵਾਨ ਪੀੜ੍ਹੀ ਨੂੰ ਵੀ ਕਿਸੇ ਦੇ ਬਹਿਕਾਵੇ ਚ ਆਉਣ ਦੀ ਲੋੜ ਨਹੀਂ! ਸਹੀ ਹਿਸਟਰੀ ਪੜ ਲੈਣੀ ਚਾਹੀਦੀ ਹੈ! ਆਪਣੇ ਮਾਪਿਆਂ ਦੇ ਸੁਪਨੇ ਪੂਰੇ ਕਰਨ ਲਈ ਵੱਧ ਤੋਂ ਵੱਧ ਪੜ੍ਹਾਈ ਕਰਕੇ ਕਿਸੇ ਮੁਕਾਮ ਤੇ ਪਹੁੰਚਣ ਦੀ ਲੋੜ ਆ! ਜਿਸ ਮੁਕਾਮ ਦਾ ਫ਼ਾਇਦਾ ਪੰਜਾਬ ਦੀ ਤਰੱਕੀ ਅਤੇ ਵਿਕਾਸ ਵਿੱਚ ਜ਼ਰੂਰ ਹੋਵੇਗਾ!

0ਬਾਗੀ ਕਲਮ+ਹੱਕ ਸੱਚ ਦੀ ਆਵਾਜ਼

# ਪੰਜਾਬ ਦੇ ਸਰਕਾਰੀ ਸਕੂਲਾਂ 'ਚ ਦਾਖ਼ਲਾ ਲੈਣ ਵਾਲੇ ਵਿਦਿਆਰਥੀਆਂ ਲਈ ਵੱਡੀ ਖ਼ਬਰ; ਸਿੱਖਿਆ ਬੋਰਡ ਨੇ ਜਾਰੀ ਕੀਤੇ ਨਵੇਂ ਹੁਕਮ

ਚੰਡੀਗੜ੍ਹ-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 8ਵੀਂ ਤੋਂ 12ਵੀਂ ਕਲਾਸ ਤੱਕ ਵਿਦਿਆਰਥੀਆਂ ਵੱਲੋਂ ਦਾਖਲਾ ਲੈਣ ਦੀ ਮਿਤੀ ਨਿਰਧਾਰਤ ਕੀਤੀ ਗਈ ਹੈ। ਇਸ ਸਬੰਧੀ ਸਿੱਖਿਆ ਬੋਰਡ ਵੱਲੋਂ ਸਾਰੇ ਸਕੂਲਾਂ ਨੂੰ ਸੂਚਿਤ ਕੀਤਾ ਗਿਆ ਹੈ।
ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਰਕਾਰੀ/ਏਡਿਡ/ਐਫੀਲੀਏਟਿਡ ਅਤੇ ਐਸੋਸੀਏਟਿਡ ਸਕੂਲ ਮੁੱਖੀਆਂ ਅਤੇ ਪੰਜਾਬ ਰਾਜ ਦੇ ਸਮੂਹ ਵਿਦਿਆਰਥੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਬੋਰਡ ਵਲੋਂ ਅਕਾਦਮਿਕ ਸਾਲ 2025-26 ਲਈ ਅੱਠਵੀਂ ਤੋਂ ਬਾਰ੍ਹਵੀਂ ਸ੍ਰੇਣੀਆਂ ਲਈ ਸਕੂਲਾਂ ਵਿੱਚ ਦਾਖਲਾ ਲੈਣ ਵਾਲੇ ਰੈਗੂਲਰ ਵਿਦਿਆਰਥੀਆਂ ਵਾਸਤੇ ਦਾਖਲੇ ਦੀ ਅੰਤਿਮ ਮਿਤੀ 15 ਜੁਲਾਈ 2025 ਨਿਰਧਾਰਿਤ ਕੀਤੀ ਜਾਂਦੀ ਹੈ।

# ਫੰਡਾਂ ਦੀ ਹੇਰਾਫੇਰੀ ਦੇ ਦੋਸ਼ ਹੇਠ ਸਾਬਕਾ ਵਿਧਾਇਕ ਦੇ ਪੁੱਤਰ, ਨੂੰਹ, ਕਾਰਜਕਾਰੀ ਅਧਿਕਾਰੀ ਅਤੇ ਦੋ ਹੋਰਨਾਂ ਵਿਰੁੱਧ ਪਰਚਾ ਦਰਜ



ਚੰਡੀਗੜ੍ਹ :-ਪੰਜਾਬ ਵਿਜੀਲੈਂਸ ਬਿਊਰੋ ਨੇ ਰਾਜ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ, ਤਰਨਤਾਰਨ ਦੇ ਸਾਬਕਾ ਵਿਧਾਇਕ ਦੇ ਪੁੱਤਰ ਅਤੇ ਨੂੰਹ ਸਮੇਤ ਨਗਰ ਕੌਂਸਲ ਤਰਨਤਾਰਨ ਦੇ ਕਾਰਜਕਾਰੀ ਅਧਿਕਾਰੀ (ਈ.ਓ) , ਕਲਰਕ ਅਤੇ ਇੱਕ ਫਰਮ ਦੇ ਮਾਲਕ ਵਿਰੁੱਧ ਕੌਂਸਲ ਦੇ ਫੰਡਾਂ ਵਿੱਚ ਵੱਡੀ ਹੇਰਾ-ਫੇਰੀ ਕਰਨ ਦੇ ਦੋਸ਼ ਹੇਠ ਮੁਕੱਦਮਾ ਦਰਜ ਕੀਤਾ ਹੈ। ਇਸ ਕੇਸ ਵਿੱਚ ਉਕਤ ਮੁਲਜ਼ਮ ਈ.ਓ., ਕਲਰਕ ਅਤੇ ਫਰਮ ਦੇ ਮਾਲਕ ਨੂੰ ਗ੍ਰਿਫ਼ਤਾਰ ਕਰ ਲਿਆ ਹੈ।
ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਇਸ ਸਬੰਧ ਵਿੱਚ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਕੀਤੀ ਗਈ ਚੈਕਿੰਗ ਦੇ ਸਿੱਟੇ ਵਜੋਂ ਹੋਈ ਵਿਜੀਲੈਂਸ ਜਾਂਚ ਦੇ ਆਧਾਰ 'ਤੇ ਕੇਸ ਦਰਜ ਕੀਤਾ ਗਿਆ ਹੈ। ਇਸ ਕੇਸ ਨੂੰ ਅਗਲੇਰੀ ਜਾਂਚ ਲਈ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤਾ ਗਿਆ ਸੀ। ਇਸ ਤੋਂ ਬਾਅਦ, ਜਾਂਚ ਦੇ ਆਧਾਰ 'ਤੇ, ਉਕਤ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਦੀ ਅੰਮ੍ਰਿਤਸਰ ਰੇਂਜ ਦੇ ਥਾਣੇ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13(2) ਦੇ ਨਾਲ-ਨਾਲ 13(1) ਅਤੇ ਆਈਪੀਸੀ ਦੀ ਧਾਰਾ 409, 420, 465, 467, 468, 471, 120-ਬੀ ਦੇ ਤਹਿਤ ਐਫਆਈਆਰ ਨੰਬਰ 22, ਮਿਤੀ 02.05.2025 ਦਰਜ ਕੀਤੀ ਗਈ ਹੈ।
ਬੁਲਾਰੇ ਨੇ ਦੱਸਿਆ ਕਿ ਇਸ ਕੇਸ ਦੇ ਮੁਲਜ਼ਮਾਂ ਵਿੱਚ ਸ਼ਰਨਜੀਤ ਕੌਰ, ਕਾਰਜਕਾਰੀ ਅਧਿਕਾਰੀ (ਹੁਣ ਮੁਅੱਤਲ) ਅਤੇ ਨਗਰ ਕੌਂਸਲ ਤਰਨਤਾਰਨ ਦਾ ਕਲਰਕ ਨਰਿੰਦਰ ਕੁਮਾਰ, ਸਾਬਕਾ ਵਿਧਾਇਕ ਧਰਮਵੀਰ ਅਗਨੀਹੋਤਰੀ ਦਾ ਪੁੱਤਰ ਸੰਦੀਪ ਕੁਮਾਰ ਅਗਨੀਹੋਤਰੀ ਅਤੇ ਉਨ੍ਹਾਂ ਦੀ ਨੂੰਹ ਜੋਤੀ ਸਚਦੇਵਾ, ਜੋ ਕਿ ਮੈਸਰਜ਼ ਐਮ.ਕੇ. ਪਦਮ ਪੈਟਰੋਲੀਅਮ ਦੀ ਮਾਲਕ ਹੈ ਅਤੇ ਨਿਊ ਪਵਨ ਨਗਰ, ਅੰਮ੍ਰਿਤਸਰ ਦਾ ਰਹਿਣ ਵਾਲਾ ਰਾਜੀਵ ਗੁਪਤਾ, ਜੋ ਮੈਸਰਜ਼ ਸ਼ਾਰਪ ਫੋਕਸ ਵਿਜ਼ਨ ਪ੍ਰਾਈਵੇਟ ਲਿਮਟਿਡ ਅਤੇ ਮੈਸਰਜ਼ ਐਸਆਰ ਐਂਟਰਪ੍ਰਾਈਜ਼ਿਜ਼ ਲਿਮਟਿਡ ਦਾ ਸ਼ੇਅਰਧਾਰਕ ਹੈ, ਸ਼ਾਮਲ ਹਨ।
ਇਸ ਕੇਸ ਵਿੱਚ, ਸ਼ਰਨਜੀਤ ਕੌਰ, ਈ.ਓ. ਅਤੇ ਨਰਿੰਦਰ ਕੁਮਾਰ ਕਲਰਕ,ਦੋਵੇਂ ਨਗਰ ਕੌਂਸਲ, ਤਰਨਤਾਰਨ ਵਿਖੇ ਤਾਇਨਾਤ, ਅਤੇ ਉਕਤ ਪ੍ਰਾਈਵੇਟ ਫਰਮ ਦੇ ਮਾਲਕ ਰਾਜੀਵ ਗੁਪਤਾ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।
ਬੁਲਾਰੇ ਨੇ ਖੁਲਾਸਾ ਕੀਤਾ ਕਿ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਉਕਤ ਕਾਰਜਕਾਰੀ ਅਧਿਕਾਰੀ ਦੁਆਰਾ 2017-2022 ਦੇ ਸਾਲਾਂ ਦੌਰਾਨ ਧੋਖਾਧੜੀ ਵਾਲੇ ਲੈਣ-ਦੇਣ ਕੀਤੇ ਗਏ ਸਨ। ਉਸਨੇ ਮੈਸਰਜ਼ ਸਿੱਧੂ ਕੰਸਟਰਕਸ਼ਨ ਕੰਪਨੀ, ਮੈਸਰਜ਼ ਬ੍ਰਦਰ ਕੰਸਟਰਕਸ਼ਨ ਕੰਪਨੀ ਅਤੇ ਮੈਸਰਜ਼ ਫਰੈਂਡਜ਼ ਐਸੋਸੀਏਸ਼ਨ ਨੂੰ ਵੱਖ-ਵੱਖ ਚੈੱਕਾਂ ਰਾਹੀਂ ਗਲਤ ਭੁਗਤਾਨ ਕੀਤੇ ਸਨ। ਇਸ ਤੋਂ ਇਲਾਵਾ, ਸਾਬਕਾ ਵਿਧਾਇਕ ਧਰਮਵੀਰ ਅਗਨੀਹੋਤਰੀ ਦੇ ਪੁੱਤਰ ਸੰਦੀਪ ਕੁਮਾਰ ਅਗਨੀਹੋਤਰੀ ਨਾਲ ਮਿਲੀਭੁਗਤ ਕਰਕੇ, ਦੋਸ਼ੀ ਈ.ਓ. ਨੇ ਉਨ੍ਹਾਂ ਦੀ ਕੰਪਨੀਆਂ ਮੈਸਰਜ਼ ਸ਼ਾਰਪ ਫੋਕਸ ਵਿਜ਼ਨ ਪ੍ਰਾਈਵੇਟ ਲਿਮਟਿਡ ਅਤੇ ਮੈਸਰਜ਼ ਐਸ.ਆਰ. ਐਂਟਰਪ੍ਰਾਈਜ਼ਿਜ਼ ਨੂੰ ਵੀ ਜਾਅਲੀ ਭੁਗਤਾਨ ਕੀਤੇ ਸਨ।
ਬੁਲਾਰੇ ਨੇ ਅੱਗੇ ਦੱਸਿਆ ਕਿ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਵੱਲੋਂ ਕੀਤੀ ਗਈ ਚੈਕਿੰਗ ਦੌਰਾਨ, ਉਕਤ ਜਾਅਲੀ ਅਦਾਇਗੀਆਂ ਦੀ ਰਿਕਵਰੀ ਤਾਂ ਹੋ ਗਈ , ਪਰ 27,88,000 ਰੁਪਏ ਦੀ ਰਕਮ ਅਜੇ ਵੀ ਬਕਾਇਆ ਹੈ। ਜਾਂਚ ਦੌਰਾਨ ਇਹ ਵੀ ਪਾਇਆ ਗਿਆ ਕਿ ਸੰਦੀਪ ਕੁਮਾਰ ਅਗਨੀਹੋਤਰੀ ਨੂੰ ਆਪਣੀ ਪਤਨੀ ਜੋਤੀ ਸਚਦੇਵਾ ਦੀ ਮਾਲਕੀਵਾਲੇ ਮੈਸਰਜ਼ ਐਮਕੇ ਪਦਮ ਪੈਟਰੋਲੀਅਮ ਦੇ ਨਾਮ 'ਤੇ ਜਾਰੀ ਕੀਤੇ 4,41,03,086 ਰੁਪਏ ਦੇ ਜਾਅਲੀ ਭੁਗਤਾਨ ਵੀ ਪ੍ਰਾਪਤ ਕੀਤੇ ਸਨ। ਬਾਅਦ ਵਿੱਚ, ਸੰਦੀਪ ਅਗਨੀਹੋਤਰੀ ਨੇ ਇਸ ਜਾਅਲੀ ਅਦਾਇਗੀ ਦਾ ਕੁਝ ਹਿੱਸਾ ਨਗਰ ਕੌਂਸਲ ਤਰਨਤਾਰਨ ਦੇ ਖਾਤਿਆਂ ਵਿੱਚ ਵਾਪਸ ਜਮ੍ਹਾ ਕਰਵਾ ਦਿੱਤਾ , ਪਰ 35,45,404 ਰੁਪਏ ਅਜੇ ਵੀ ਬਕਾਇਆ ਹਨ। ਬਕਾਇਆ ਬਿੱਲਾਂ ਦੇ ਆਂਸ਼ਿਕ ਅਦਾਇਗੀ ਤੋਂ ਬਾਅਦ, ਮੈਸਰਜ਼ ਐਮਕੇ ਪਦਮ ਪੈਟਰੋਲੀਅਮ ਵੱਲ ਕੁੱਲ 1,05,30,628 ਰੁਪਏ ਦੀ ਬਕਾਇਆ ਰਕਮ ਪਾਈ ਗਈ। ਇਸ ਤੋਂ ਇਲਾਵਾ, ਪ੍ਰਮੁੱਖ ਸਕੱਤਰ, ਸਥਾਨਕ ਸਰਕਾਰਾਂ, ਪੰਜਾਬ ਵੱਲੋਂ ਪ੍ਰਦਾਨ ਕੀਤੀ ਗਈ ਵਿਭਾਗੀ ਨਿਰੀਖਣ ਰਿਪੋਰਟ ਦੇ ਅਨੁਸਾਰ, ਈ.ਓ. ਸ਼ਰਨਜੀਤ ਕੌਰ ਨੇ ਕਲਰਕ ਰਾਜੀਵ ਕੁਮਾਰ, (ਹੁਣ ਮ੍ਰਿਤਕ), ਜੋ ਕਿ ਉਸਦੇ ਦਫ਼ਤਰ ਵਿਖੇ ਤਾਇਨਾਤ ਸੀ ਅਤੇ ਉਕਤ ਕਲਰਕ ਨਰਿੰਦਰ ਕੁਮਾਰ , ਨੂੰ ਬਿਨਾਂ ਕਿਸੇ ਬਿੱਲ ਜਾਂ ਵਰਕ ਆਰਡਰ ਦੇ ਭੁਗਤਾਨ ਜਾਰੀ ਕੀਤੇ ਸਨ।
ਤੱਥਾਂ ਤੋਂ ਇਹ ਸਪੱਸ਼ਟ ਹੋ ਗਿਆ ਕਿ ਈਓ ਸ਼ਰਨਜੀਤ ਕੌਰ ਨੇ ਉਕਤ ਸੰਦੀਪ ਕੁਮਾਰ ਅਗਨੀਹੋਤਰੀ ਨਾਲ ਮਿਲ ਕੇ ਆਪਣੇ ਅਹੁਦੇ ਦੀ ਦੁਰਵਰਤੋਂ ਕੀਤੀ ਅਤੇ ਉਸ ਦੀਆਂ ਫਰਜ਼ੀ ਫਰਮਾਂ ਮੈਸਰਜ਼ ਸ਼ਾਰਪ ਫੌਕਸ ਵਿਜ਼ਨ ਪ੍ਰਾਈਵੇਟ ਲਿਮਟਿਡ ਅਤੇ ਮੈਸਰਜ਼ ਐਸ.ਆਰ. ਐਂਟਰਪ੍ਰਾਈਜ਼ਿਜ਼ ਨੂੰ ਗੈਰ-ਕਾਨੂੰਨੀ ਭੁਗਤਾਨ ਕੀਤੇ ਸਨ। ਇਸ ਤੋਂ ਇਲਾਵਾ, ਇਹ ਵੀ ਪਾਇਆ ਗਿਆ ਕਿ 14,61,980 ਰੁਪਏ, 3,25,000 ਰੁਪਏ ਅਤੇ 2,09,400 ਰੁਪਏ ਦੀ ਅਦਾਇਗੀ ਬਿਨਾਂ ਕਿਸੇ ਟੈਂਡਰ ਜਾਂ ਕੋਟੇਸ਼ਨ ਦੇ ਵੱਖ-ਵੱਖ ਫਰਮਾਂ ਨੂੰ ਕੀਤੀ ਗਈ ਸੀ।

# ਆਈ ਈ ਏ ਟੀ ਅਧਿਆਪਕਾਂ ਨੇ ਐਸਡੀਐਮ ਫਿਲੌਰ ਨੂੰ ਸੌਂਪਿਆ ਮੰਗ ਪੱਤਰ, ਕਿਹਾ- ਸੀਐਮ ਮਾਨ ਦਾ 4 ਮਈ ਨੂੰ ਕਰਾਂਗੇ ਵਿਰੋਧ



ਆਈ ਈ ਏ ਟੀ ਅਧਿਆਪਕਾਂ ਨਾਲ ਕੀਤੇ ਵਾਅਦੇ ਤੋਂ ਸਰਕਾਰ ਮੁੱਕਰ ਰਹੀ ਹੈ ਅਤੇ ਮੀਟਿੰਗਾਂ ਦੇਣ ਤੋਂ ਬਾਅਦ ਵੀ ਯੂਨੀਅਨ ਦੀਆਂ ਮੰਗਾਂ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ।
ਜਿਸ ਕਾਰਨ ਸਰਕਾਰ ਦੇ ਮੰਤਰੀਆਂ ਦਾ ਘਿਰਾਓ ਕੀਤਾ ਜਾਵੇਗਾ। ਪਿੰਡ ਧਨੀ ਅਤੇ ਪਿੰਡ ਲਖਣਪਾਲ ਤਹਿਸੀਲ ਫਿਲੌਰ, ਜਲੰਧਰ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦਾ 04 ਮਈ ਨੂੰ ਪ੍ਰੋਗਰਾਮ ਹੈ।
ਯੂਨੀਅਨ ਵੱਲੋਂ ਫੈਸਲਾ ਲਿਆ ਗਿਆ ਹੈ ਕਿ ਮੁੱਖ ਮੰਤਰੀ ਨੂੰ ਕਾਲੇ ਝੰਡੇ ਦਿਖਾਏ ਜਾਣਗੇ ਅਤੇ ਪ੍ਰੋਗਰਾਮ ਦੇ ਦੌਰਾਨ ਨਾਅਰੇਬਾਜ਼ੀ ਕੀਤੇ ਜਾਵੇਗੀ। ਉਨ੍ਹਾਂ ਕਿਹਾ ਕਿ ਸਮੂਹ ਆਈ. ਈ. ਏ ਟੀ ਅਧਿਆਪਕ ਸਾਥੀਆਂ ਨੂੰ ਪਹੁੰਚਣਗੇ। ਇਹ ਜਾਣਕਾਰੀ ਸਟੇਟ ਪ੍ਰਧਾਨ ਗੁਰਲਾਲ ਸਿੰਘ ਟੂਰ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸਾਹਿਬਾਨ ਪ੍ਰਧਾਨ ਤਰਨਦੀਪ ਸਿੰਘ ਅਤੇ ਰਾਕੇਸ਼ ਕੁਮਾਰ ਨੇ ਦਿੱਤੀ।
ਇਸ ਸਬੰਧੀ ਐਸਡੀਐਮ ਫਿਲੌਰ ਨੂੰ ਦਿੱਤਾ ਗਿਆ, ਜਿਸ ਵਿੱਚ ਮੈਡਮ ਕਸ਼ਮੀਰ ਕੌਰ ਤੇ ਮੈਡਮ ਬਲਜਿੰਦਰ ਕੌਰ ਫਿਲੌਰ ਹਜ਼ਾਰ ਸਨ।

# ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ ਵਿਖੇ ਐਮਰਜੈਂਸੀ ਮੌਕ ਡ੍ਰਿਲ ਕਰਵਾਈ।

ਫਗਵਾੜਾ - (ਸੁਸ਼ੀਲ ਸ਼ਰਮਾ )
ਅੱਜ ਮਿਤੀ 8 ਮਈ, 2025 ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ ਵਿੱਚ ਇੱਕ ਵਿਆਪਕ ਐਮਰਜੈਂਸੀ ਮੌਕ ਡ੍ਰਿਲ ਕਰਵਾਈ ਗਈ। ਜਿਸਦਾ ਉਦੇਸ਼ ਵਿਦਿਆਰਥੀਆਂ ਅਤੇ ਸਟਾਫ਼ ਨੂੰ ਅਣਕਿਆਸੀਆਂ ਸਥਿਤੀਆਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਜਵਾਬ ਦੇਣ ਲਈ ਤਿਆਰ ਕਰਨਾ ਸੀ। ਇਹ ਡ੍ਰਿਲ ਕਾਲਜ ਦੇ ਐਮਰਜੈਂਸੀ ਡ੍ਰਿਲ ਸੈੱਲ,ਐਨ.ਸੀ.ਸੀ ਅਤੇ ਐਨ. ਐਸ.ਐਸ. ਯੂਨਿਟ ਦੁਆਰਾ ਆਯੋਜਿਤ ਕੀਤੀ ਗਈ ।

ਇਸ ਮੌਕ ਡਰਿਲ ਵਿੱਚ ਲਗਭਗ 100 ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ। ਇਸ ਪ੍ਰੋਗਰਾਮ ਵਿੱਚ ਪ੍ਰਿੰਸੀਪਲ ਡਾ. ਸਵਿੰਦਰ ਪਾਲ ਕੌਰ, ਵਾਈਸ ਪ੍ਰਿੰਸੀਪਲ ਡਾ. ਗੁਮਿੰਦਰ ਕੌਰ, ਡਾ. ਰਿੰਕਾ ਜੰਜੂਆ, ਮੈਡਮ ਖੁਸ਼ੀ ਅਤੇ ਐਮਰਜੈਂਸੀ ਡ੍ਰਿਲ ਸੈੱਲ ਦੇ ਮੈਂਬਰ ਮੈਡਮ ਨਿਧੀ ਜੱਸਲ ਅਤੇ ਮੈਡਮ ਸ਼ੁਭਸਮਿਤਾ ਸਾਹੂ ਸਮੇਤ ਸਤਿਕਾਰਯੋਗ ਫੈਕਲਟੀ ਮੈਂਬਰਾਂ ਨੇ ਸ਼ਿਰਕਤ ਕੀਤੀ।

ਲੋਕ ਬਾਣੀ

ਮੈਡਮ ਸਾਹੂ ਨੇ ਐਮਰਜੈਂਸੀ ਤਿਆਰੀ ਦੇ ਮੁੱਖ ਪਹਿਲੂਆਂ ਨੂੰ ਉਜਾਗਰ ਕਰਨ ਵਾਲਾ ਇੱਕ ਜਾਣਕਾਰੀ ਭਰਪੂਰ ਸੈਸ਼ਨ ਕਰਵਾਇਆ। ਉਹਨਾਂ ਨੇ ਬਲੈਕਆਊਟ ਸਥਿਤੀਆਂ ਨਾਲ ਨਜਿੱਠਣ ਬਾਰੇ ਗੱਲ ਕੀਤੀ ਅਤੇ ਟਾਰਚ, ਪਾਵਰ ਬੈਂਕ ਅਤੇ ਮੋਮਬੱਤੀਆਂ ਵਰਗੀਆਂ ਜ਼ਰੂਰੀ ਚੀਜ਼ਾਂ ਨੂੰ ਸਟੋਰ ਕਰਨ ਦੀ ਮਹੱਤਤਾ ਤੇ ਜ਼ੋਰ ਦਿੰਦੇ ਹੋਏ ਵਿਦਿਆਰਥੀਆਂ ਨੂੰ ਸਿਰਫ਼ ਜਾਣਕਾਰੀ ਦੇ ਅਧਿਕਾਰਤ ਸਰੋਤਾਂ ਤੇ ਭਰੋਸਾ ਕਰਨ ਅਤੇ ਅਫਵਾਹਾਂ ਫੈਲਾਉਣ ਜਾਂ ਵਿਸ਼ਵਾਸ ਕਰਨ ਤੋਂ ਬਚਣ ਦੀ ਅਪੀਲ ਕੀਤੀ।

ਭਾਗੀਦਾਰਾਂ ਨੂੰ ਐਮਰਜੈਂਸੀ ਸਾਇਰਨ ਸੁਣਨ ਤੇ ਪਾਲਣਾ ਕਰਨ ਵਾਲੀਆਂ ਪ੍ਰਕਿਰਿਆਵਾਂ ਬਾਰੇ ਸਿੱਖਿਆ ਦਿੱਤੀ ਗਈ, ਅਤੇ ਉਹਨਾਂ ਨੂੰ ਮੂਲ ਸੀਪੀਆਰ, ਅੱਗ ਤੋਂ ਨਿਕਾਸੀ ਤਕਨੀਕਾਂ, ਅਤੇ ਜ਼ਖਮੀ ਵਿਅਕਤੀਆਂ ਨੂੰ ਸਟਰੈਚਰ ਤੋਂ ਬਿਨਾਂ ਲਿਜਾਣ ਦੇ ਤਰੀਕਿਆਂ ਬਾਰੇ ਸਿਖਲਾਈ ਦਿੱਤੀ ਗਈ।

ਕਾਲਜ ਪ੍ਰਿੰਸੀਪਲ ਡਾ. ਸਵਿੰਦਰ ਪਾਲ ਨੇ ਵਿਦਿਆਰਥੀਆਂ ਨੂੰ ਐਮਰਜੈਂਸੀ ਦੌਰਾਨ ਸ਼ਾਂਤ ਰਹਿਣ ਅਤੇ ਹਰ ਕਿਸੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜ਼ਿੰਮੇਵਾਰੀ ਨਾਲ ਕੰਮ ਕਰਨ ਲਈ ਉਤਸ਼ਾਹਿਤ ਕੀਤਾ। ਉਨਾਂ ਨੇ ਇਸ ਸਫਲ ਅਭਿਆਸ ਲਈ ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਕਿਸੇ ਵੀ ਸੰਕਟ ਵਿੱਚ ਸਾਨੂੰ ਆਪਣੇ ਭਾਈਚਾਰੇ ਦੀ ਸੁਰੱਖਿਆ ਲਈ ਤਿਆਰ ਰਹਿਣਾ ਚਾਹੀਦਾ ਹੈ ਅਤੇ ਇਕ ਜ਼ਿੰਮੇਵਾਰ ਨਾਗਰਿਕ ਵਜੋਂ ਕੰਮ ਕਰਨਾ ਚਾਹੀਦਾ ਹੈ।ਇਹ ਕਾਮਯਾਬ ਡ੍ਰਿੱਲ ਕਾਲਜ ਵਲੋਂ ਆਪਣੀ ਸਮੁਦਾਇ ਦੀ ਸੁਰੱਖਿਆ ਅਤੇ ਤਿਆਰੀ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ।




# ਬਲੱਡ ਬੈਂਕ ਵਿਖੇ ਖ਼ੂਨਦਾਨ ਕੈਂਪ ਲਗਾ ਕੇ ਮਨਾਇਆ ਵਿਸ਼ਵ ਰੈਡ ਕਰਾਸ ਦਿਵਸ




ਫਗਵਾੜਾ ( ਸੁਸ਼ੀਲ ਸ਼ਰਮਾ ) ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਵਿਸ਼ਵ ਰੈਡ ਕਰਾਸ ਦਿਵਸ ਬਲੱਡ ਬੈਂਕ ਦੇ ਚੇਅਰਮੈਨ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਅਤੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖਰੇਖ ਹੇਠ ਖ਼ੂਨ ਦਾਨ ਕੈਂਪ ਲਗਾ ਕੇ ਮਨਾਇਆ ਗਿਆ। ਜਿਸਦਾ ਉਦਘਾਟਨ ਨਗਰ ਸੁਧਾਰ ਟਰੱਸਟ ਫਗਵਾੜਾ ਦੇ ਚੇਅਰਮੈਨ ਜਰਨੈਲ ਨੰਗਲ ਨੇ ਦੀਪ ਪ੍ਰੱਜਵਲਿਤ ਕਰਕੇ ਕੀਤਾ। ਉਹਨਾਂ ਬਲੱਡ ਬੈਂਕ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਰੈਡ ਕਰਾਸ ਦੀ ਭਾਵਨਾ ਦੇ ਅਨੁਸਾਰ ਬਿਨਾਂ ਕਿਸੇ ਪੱਖ-ਪਾਤ ਤੋਂ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਵਲੋਂ ਚਲਾਏ ਜਾ ਰਹੇ ਸਮਾਜ ਸੇਵੀ ਪ੍ਰੋਜੈਕਟ ਹੋਰਨਾਂ ਨੂੰ ਵੀ ਪ੍ਰੇਰਣਾ ਦੇਣ ਵਾਲੇ ਹਨ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਅੱਜ ਦੇ ਕੈਂਪ ਵਿਚ 50 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ ਹੈ। ਉਹਨਾਂ ਨੇ ਵਿਸ਼ਵ ਰੈੱਡ ਕਰਾਸ ਦਿਵਸ ਦੇ ਮਹੱਤਵ ਬਾਰੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਇਹ ਦਿਨ 8 ਮਈ 1948 ਤੋਂ ਮਨਾਇਆ ਜਾਂਦਾ ਹੈ। ਉਹਨਾਂ ਦੱਸਿਆ ਕਿ ਅੱਜ ਦੇ ਸਮਾਗਮ ਦਾ ਥੀਮ 'ਮਨੁੱਖਤਾ ਨੂੰ ਜਿੰਦਾ ਰੱਖੋ' ਸੀ। ਸਮਾਜ ਸੇਵਕ ਹਰਬੰਸ ਲਾਲ ਅਤੇ ਗੁਰਮੀਤ ਪਲਾਹੀ ਨੇ ਆਏ ਹੋਏ ਸਮੂਹ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਖ਼ੂਨ ਦਾਨ ਕੈਂਪ ਨੂੰ ਸਫਲ ਬਨਾਉਣ ਵਿਚ ਪ੍ਰਬੰਧਕਾਂ ਅਤੇ ਸਟਾਫ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਮੌਕੇ ਤਾਰਾ ਚੰਦ ਚੁੰਬਰ, ਕ੍ਰਿਸ਼ਨ ਕੁਮਾਰ, ਮੋਹਨ ਲਾਲ ਤਨੇਜਾ ਤੋਂ ਇਲਾਵਾ ਹੋਰ ਪਤਵੰਤੇ ਹਾਜਰ ਸਨ।

ਲੋਕ ਬਾਣੀ

# ਕਪੂਰਥਲਾ ਜ਼ਿਲ੍ਹੇ ਵਿਚ 4 ਕੰਟਰੋਲ ਰੂਮ ਸਥਾਪਿਤ -24 ਘੰਟੇ ਕਰਨਗੇ ਕੰਮ



ਫਗਵਾੜਾ-ਕਪੂਰਥਲਾ ( ਸੁਸ਼ੀਲ ਸ਼ਰਮਾ) ਭਾਰਤ-ਪਾਕਿਸਤਾਨ ਵਿਚਕਾਰ ਪੈਦਾ ਹੋਏ ਤਣਾਅ ਦੇ ਮੱਦੇਨਜਰ ਕਪੂਰਥਲਾ ਜ਼ਿਲ੍ਹੇ ਵਿਚ 4 ਕੰਟਰੋਲ ਰੂਮ ਸਥਾਪਿਤ ਕੀਤੇ ਗਏ ਹਨ
ਇਹ ਕੰਟਰੋਲ ਰੂਮ ਕਿਸੇ ਵੀ ਅਣਸੁਖਾਵੇਂ ਹਾਲਾਤ ਵਿੱਚ ਲੋਕਾਂ ਦੀ ਸਹਾਇਤਾ ਲਈ ਸਥਾਪਿਤ ਕੀਤੇ ਗਏ ਹਨ ।
ਕੰਟਰੋਲ ਰੂਮ 24 ਘੰਟੇ ਕੰਮ ਕਰਨਗੇ ਜਿਸ ਉੱਪਰ ਲੋਕ ਸਿੱਧਾ ਸੰਪਰਕ ਕਰ ਸਕਣਗੇ ।
ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਕੈਂਪ ਆਫਿਸ ਕਪੂਰਥਲਾ ਵਿਖੇ ਬਣਾਇਆ ਗਿਆ ਹੈ । ਇਸ ਕੰਟਰੋਲ ਰੂਮ ਦਾ ਨੰਬਰ 0182-2231990 ਹੈ ਤੇ ਇਸਦੇ ਓਵਰਆਲ ਇੰਚਾਰਜ ਸੁਪਰਡੈਂਟ ਗ੍ਰੇਡ -1 , ਦਫਤਰ ਡਿਪਟੀ ਕਮਿਸ਼ਨਰ ਕਪੂਰਥਲਾ ਹੋਣਗੇ ।
ਇਸੇ ਤਰ੍ਹਾਂ ਫਗਵਾੜਾ ਉਪ ਮੰਡਲ ਲਈ ਕੰਟਰੋਲ ਰੂਮ ਤਹਿਸੀਲ ਦਫਤਰ ਫਗਵਾੜਾ ਦੇ ਕਮਰਾ ਨੰਬਰ 8 ਵਿਚ ਬਣਾਇਆ ਗਿਆ ਹੈ । ਇਸਦਾ ਸੰਪਰਕ ਨੰਬਰ 01824-260794 ਹੈ ।
ਸੁਲਤਾਨਪੁਰ ਲੋਧੀ ਸਬ ਡਵੀਜ਼ਨ ਲਈ ਤਹਿਸੀਲ ਦਫਤਰ ਸੁਲਤਾਨਪੁਰ ਵਿੱਚ ਕੰਟਰੋਲ ਰੂਮ ਬਣਾਇਆ ਗਿਆ ਹੈ , ਜਿਸਦਾ ਨੰਬਰ 77079-47917 ਹੈ ।
ਇਸੇ ਤਰ੍ਹਾਂ ਭੁਲੱਥ ਸਬ ਡਵੀਜ਼ਨ ਲਈ ਸਥਾਪਿਤ ਕੀਤੇ ਗਏ ਕੰਟਰੋਲ ਰੂਮ ਦਾ ਨੰਬਰ 01822-244202 ਹੈ ।
ਲੋਕ ਇਨ੍ਹਾਂ ਨੰਬਰਾਂ ਉੱਪਰ ਲੋੜ ਅਨੁਸਾਰ ਸਿੱਧਾ ਸੰਪਰਕ ਕਰ ਸਕਦੇ ਹਨ ।

# ਡੇਂਗੂ ਰੋਕਥਾਮ ਮੁਹਿੰਮ ਅਧੀਨ ਡ੍ਰਾਈ ਡੇ ਫ੍ਰਾਈਡੇ ਮਨਾਇਆ ਗਿਆ




ਫਗਵਾੜਾ-ਬੜਾ ਪਿੰਡ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ. ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਅੱਜ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵਲੋਂ ਐਸ. ਐਮ.ਓ.ਡਾ.ਅਮਿਤਾ ਲੂਨਾ ਦੀ ਅਗਵਾਈ ਹੇਠ ਡ੍ਰਾਈ ਡੇ ਫ੍ਰਾਈਡੇ ਮਨਾਇਆ ਗਿਆ। ਇਸ ਮੁਹਿੰਮ ਦਾ ਉਦੇਸ਼ ਲੋਕਾਂ ਨੂੰ ਡੇਂਗੂ ਤੋਂ ਬਚਾਅ ਲਈ ਜਾਗਰੂਕ ਕਰਨਾ ਤੇ ਘਰਾਂ,ਦਫਤਰਾਂ ਤੇ ਆਲੇ-ਦੁਆਲੇ ਖਾਲੀ ਪਿਆ ਸਾਮਾਨ,ਟੰਕੀਆਂ,ਗਮਲੇ ਆਦਿ ਵਿੱਚ ਜਮਾਂ ਪਾਣੀ ਨੂੰ ਰੋਜ਼ਾਨਾ ਸਾਫ ਕਰਨਾ ਯਕੀਨੀ ਬਣਾਉਣਾ ਸੀ।
ਮੈਡੀਕਲ ਅਫ਼ਸਰ ਡਾ.ਮਮਤਾ ਗੌਤਮ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਡੇਂਗੂ ਦਾ ਮੱਛਰ ਸਾਫ ਪਾਣੀ ਚ ਪੈਦਾ ਹੁੰਦਾ ਹੈ ਅਤੇ ਸਰਕਾਰ ਵੱਲੋ ਹਰ ਸ਼ੁਕਰਵਾਰ ਨੂੰ ਡ੍ਰਾਈ ਡੇ ਫਰਾਈ ਡੇ ਮੁਹਿੰਮ ਵਜੋਂ ਮਨਾਇਆ ਜਾਂਦਾ ਹੈ।
ਮੁਹਿੰਮ ਦੌਰਾਨ ਹੈਲਥ ਵਰਕਰਾਂ ਵੱਲੋ ਘਰ-ਘਰ ਜਾ ਕੇ ਲੋਕਾਂ ਨੂੰ ਡੇਂਗੂ ਦੀ ਰੋਕਥਾਮ ਸਬੰਧੀ ਲਿਟਰੇਚਰ ਵੰਡਿਆ ਜਾ ਰਿਹਾ ਹੈ ਅਤੇ ਖੜੇ ਪਾਣੀ ਵਾਲੀਆ ਜਗਾਹ ਦੀ ਜਾਂਚ ਕਰਕੇ ਸਫਾਈ ਕਰਵਾਈ ਜਾ ਰਹੀ ਹੈ।
ਇਸ ਅਭਿਆਨ ਦੌਰਾਨ ਸਿਹਤ ਵਿਭਾਗ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹਰ ਹਫ਼ਤੇ ਘਰ ਚ ਡ੍ਰਾਈ ਡੇ ਮਨਾਇਆ ਕਰਨ ਅਤੇ ਆਪਣੇ ਆਲੇ-ਦੁਆਲੇ ਸਾਫ-ਸੁਥਰਾ ਰਖਣ। ਇਸ ਮੌਕੇ ਤੇ ਹੈਲਥ ਸੁਪਰਵਾਈਜਰ ਸਤਨਾਮ, ਹੈਲਥ ਸੁਪਰਵਾਈਜਰ ਕੁਲਦੀਪ ਵਰਮਾ, ਹੈਲਥ ਸੁਪਰਵਾਈਜਰ ਜਸਵਿੰਦਰ, ਹੈਲਥ ਸੁਪਰਵਾਈਜਰ ਸੁਖਚੈਨ ਫਾਰਮਾਸਿਸਟ ਅਮਿਤ,ਨਰਸਿੰਗ ਸਟਾਫ ਅਤੇ ਸਮੂਹ ਸਟਾਫ ਮੌਜੂਦ ਸੀ।

# ਭਾਰਤ-ਪਾਕ ਤਣਾਅ ਵਿਚਾਲੇ ਜਿਲ੍ਹੇ ਚ ਐਮਰਜੈਂਸੀ ਸਿਹਤ ਸੇਵਾਵਾਂ ਅਲਰਟ ਮੋਡ ਤੇ,ਸਿਵਲ ਸਰਜਨ ਨੇ ਸਮੂਹ ਐਸ.ਐਮ.ਓਜ਼ ਨੂੰ ਦਿੱਤੀਆਂ ਜਰੂਰੀ ਹਦਾਇਤਾਂ

ਫਗਵਾੜਾ-ਜਲੰਧਰ ( ਸੁਸ਼ੀਲ ਸ਼ਰਮਾ ) ਭਾਰਤ ਅਤੇ ਪਾਕਿਸਤਾਨ ਦੇ ਵਿੱਚ ਤਣਾਅ ਨੂੰ ਦੇਖਦੇ ਹੋਏ ਅਤੇ ਦੇਸ਼ ਦੇ ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਸਿਵਲ ਸਰਜਨ ਡਾ. ਗੁਰਮੀਤ ਲਾਲ ਵੱਲੋਂ ਜਿਲ੍ਹੇ ਦੇ ਸਮੂਹ ਐਸ.ਐਮ.ਓਜ਼ ਨਾਲ ਸ਼ੁੱਕਰਵਾਰ ਨੂੰ ਸਿਵਲ ਸਰਜਨ ਦਫ਼ਤਰ ਜਲੰਧਰ ਵਿਖੇ ਮੀਟਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਵੱਲੋਂ ਸਮੂਹ ਐਸ.ਐਮ.ਓਜ਼ ਨੂੰ ਐਮਰਜੈਂਸੀ ਸਿਹਤ ਸੇਵਾਵਾਂ ਨੂੰ 24 ਘੰਟੇ ਅਲਰਟ ਮੋਡ ਚ ਰੱਖਣ ਦੀ ਹਦਾਇਤ ਕੀਤੀ ਗਈ। ਸਿਵਲ ਸਰਜਨ ਨੇ ਹਦਾਇਤ ਕਰਦਿਆਂ ਕਿਹਾ ਕਿ ਹਰ ਬਲਾਕ ਵਿੱਚ ਐਮਰਜੈਂਸੀ ਟੀਮਾਂ ਦਾ ਗਠਨ ਕਰਕੇ ਲੋਕਾਂ ਲਈ ਸਿਹਤ ਸੇਵਾਵਾਂ ਨੂੰ ਪੂਰੀ ਤਰ੍ਹਾਂ ਦੁਰਸਤ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤਾਂ ਨੂੰ ਵਾਚਦੇ ਹੋਏ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀਆਂ ਛੁੱਟੀਆਂ ਰੱਦ ਕਰਨ ਦੀ ਹਦਾਇਤ ਕੀਤੀ ਜਾਂਦੀ ਹੈ।



ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਸਮੂਹ ਐਸ.ਐਮ.ਓਜ਼ ਨੂੰ 24 ਘੰਟੇ ਮੋਬਾਈਲ ਤੇ ਉਪਲਬਧ ਰਹਿਣ ਅਤੇ ਕਿਸੇ ਵੀ ਸਮੇਂ ਕਿਸੇ ਵੀ ਐਮਰਜੈਂਸ਼ੀ ਡਿਊਟੀ ਲਈ ਤਿਆਰ ਰਹਿਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਹਸਪਤਾਲ ਵਿੱਚ ਫਰਸਟ-ਏਡ-ਕਿਟ, ਦਵਾਈਆਂ ਅਤੇ ਮੈਡੀਕਲ ਉਪਕਰਨਾਂ ਦੀ ਉਪਲਬਧਤਾ ਨੂੰ ਵੀ ਸੁਨਿਸ਼ਚਿਤ ਕੀਤਾ ਜਾਵੇ। ਉਨ੍ਹਾਂ ਨੇ ਸਮੂਹ ਐਸ.ਐਮ.ਓਜ਼ ਨੂੰ ਹਦਾਇਤ ਕੀਤੀ ਕਿ ਕਿਸੇ ਵੀ ਆਪਾਤ ਸਥਿਤੀ ਨਾਲ ਨਜਿੱਠਣ ਲਈ ਪ੍ਰਾਇਵੇਟ ਹਸਪਤਾਲਾਂ ਨਾਲ ਵੀ ਪੂਰੀ ਤਰ੍ਹਾਂ ਤਾਲਮੇਲ ਬਣਾ ਕੇ ਰੱਖਿਆ ਜਾਵੇ। ਉਨ੍ਹਾਂ ਨੇ ਕਿਹਾ ਕਿ ਅਗਲੇ ਹੁਕਮਾਂ ਤੱਕ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨ ਹਿੱਤ ਸਿਹਤ ਸਟਾਫ਼ ਵੱਲੋਂ ਆਪਣੀ ਡਿਊਟੀ ਪੂਰੀ ਨਿਸ਼ਠਾ ਅਤੇ ਅਨੁਸ਼ਾਸਨ ਵਿੱਚ ਰਹਿ ਕੇ ਨਿਭਾਈ ਜਾਵੇ।

# ਜਵਾਨਾਂ ਲਈ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ ਲਗਾਏਗੀ ਖੂਨਦਾਨ ਕੈਂਪ



ਫਗਵਾੜਾ ( ਸੁਸ਼ੀਲ ਸ਼ਰਮਾ) ਪਹਲਿਗਾਮ ਵਿੱਚ ਅੱਤਵਾਦੀਆਂ ਵਲੋਂ ਨਿਰਦੋਸ਼ ਸੈਲਾਨੀਆਂ ਦੇ ਕਤਲ ਦੇ ਜਵਾਬ ਵਿੱਚ ਭਾਰਤੀ ਫੋਜਾਂ ਵਲੋਂ ਜਾਰੀ ਉਪਰੇਸ਼ਨ ਸਿੰਧੂਰ ਤਹਿਤ ਕਾਰਵਾਈ ਤੋਂ ਬੌਖਲਾਏ ਪਾਕਿਸਤਾਨ ਵਲੋਂ ਐਲਾਨੀ ਜੰਗ ਅਤੇ ਸੰਭਾਵਿਤ ਹਾਲਾਤਾਂ ਦੇ ਮੱਦੇਨਜ਼ਰ ਭਾਰਤ ਦੇ ਜਾਂਬਾਜ਼ ਯੋਧਿਆਂ ਦੀ ਜੀਵਨ ਸੁਰੱਖਿਆ ਲਈ ਪ੍ਰਧਾਨ ਪੰਡਿਤ ਰਾਹੁਲ ਸ਼ਰਮਾ ਦੀ ਅਗਵਾਈ ਵਿੱਚ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ ( ਰਜ਼ਿ.) ਫਗਵਾੜਾ ਦਾ ਇੱਕ ਵਫ਼ਦ ਖੂਨਦਾਨ ਕੈਂਪ ਆਯੋਜਨ ਲਈ ਡੀ.ਆਈ. ਜੀ.ਬੀ.ਐਸ.ਐਫ.ਹੈਡਕੁਆਟਰ ਪੰਜਾਬ ਡਾ. ਸ਼ਿਵ ਕੁਮਾਰ ਨਾਲ ਮੁਲਾਕਾਤ ਕੀਤੀ। ਡਾ.ਸ਼ਿਵ ਕੁਮਾਰ ਨੇ ਕਿਹਾ ਕਿ ਅੱਤਵਾਦ ਮਾਨਵਤਾ ਲਈ ਬਹੁਤ ਵੱਡੀ ਚੁਣੌਤੀ ਹੈ। ਪ੍ਰੰਤੂ ਭਾਰਤ ਦੇ ਲੋਕਾਂ ਦੇ ਮਿਲ ਰਹੇ ਪਿਆਰ ਅਤੇ ਦੇਸ਼ ਭਗਤੀ ਭਰਪੂਰ ਵਤੀਰੇ ਨਾਲ ਸੁਰੱਖਿਆ ਬੱਲ ਮਜ਼ਬੂਤੀ ਨਾਲ ਖੜੇ ਹਨ। ਡਾ.ਸ਼ਿਵ ਨੇ ਲੋਕਾਂ ਨੂੰ ਪ੍ਰਸ਼ਾਸਨ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਅਤੇ ਖੂਨਦਾਨ ਦੀ ਅਪੀਲ ਕੀਤੀ। ਇਸ ਮੌਕੇ ਵਿਤਿਨ ਪੁਰੀ ਮੈਨੇਜਰ ਬੋਧ ਰਾਜ ਅਤੇ ਗਗਨ ਰਾਜ ਪੁਰੋਹਤਿ ਹਾਜ਼ਰ ਸਨ।

# ਹਰ ਸ਼ੁਕਰਵਾਰ ਡੇਂਗੂ ਤੇ ਵਾਰ ਮੁਹਿੰਮ ਸ਼ੁਰੂ



ਫਗਵਾੜਾ-ਕਪੂਰਥਲਾ ( ਸੁਸ਼ੀਲ ਸ਼ਰਮਾ) ਸਿਵਲ ਸਰਜਨ ਕਪੂਰਥਲਾ ਡਾ.ਰਾਜੀਵ ਪਰਾਸ਼ਰ ਦੀ ਰਹਿਨੁਮਾਈ ਹੇਠ ਅੱਜ ਜਿਲੇ ਵਿਚ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਡਾ.ਰਾਜੀਵ ਪਰਾਸ਼ਰ ਨੇ ਕਿਹਾ ਕਿ ਡੇਂਗੂ ਦੇ ਡੰਕ ਤੋਂ ਬੱਚਣ ਲਈ ਪਹਿਲਾਂ ਤੋਂ ਹੀ ਤਿਆਰ ਰਹਿਣਾ ਚਾਹੀਦਾ ਹੈ। ਉਹਨਾਂ ਲੋਕਾਂ ਨੂੰ ਡੇਂਗੂ ਤੋਂ ਬਚਾਅ ਲਈ ਸਮੇਂ-ਸਮੇਂ ਸਿਰ ਦਿੱਤਿਆਂ ਜਾਣ ਵਾਲੀਆਂ ਗਾਈਲਾਈਨਜ਼ ਦੀ ਪਾਲਣਾ ਕਰਨ ਨੂੰ ਕਿਹਾ। ਉਹਨਾਂ ਕਿਹਾ ਕਿ ਸਾਫ ਪਾਣੀ ਦਾ ਠਹਰਾਵ ਕੀਤੇ ਨਾ ਹੋਣ ਦਿੱਤਾ ਜਾਏ ਤੇ ਆਪਣਾ ਚੌਗਿਰਦਾ ਸਾਫ ਰੱਖਿਆ ਜਾਏ।

ਡਾ.ਨੰਦੀਕਾ ਖੁੱਲਰ ਨੇ ਦਸਿਆ ਕਿ ਡੇਂਗੂ ਦੀ ਜਾਗਰੂਕਤਾ ਲਈ ਤੇ ਫੀਲਡ ਵਿਚ ਚੈਕਿੰਗ ਲਈ ਜ਼ਿਲੇ ਵਿਚ ਲਗਪਗ 45 ਟੀਮਾਂ ਦਾ ਗਠਨ ਕੀਤਾ ਗਿਆ ਹੈ। ਇਹੀ ਨਹੀਂ ਕਪੂਰਥਲਾ ਸ਼ਹਿਰ ਵਿਚ ਕੁੱਲ 5 ਟੀਮ ਤੈਨਾਤ ਨੇ ਜੋ ਘਰ-ਘਰ ਜਾ ਕੇ ਲੋਕਾਂ ਨੂੰ ਡੇਂਗੂ ਤੋਂ ਬਚਾਅ ਲਈ ਜਾਗਰੂਕ ਕਰਨਗੀਆਂ।

ਇਸ ਮੌਕੇ ਤੇ ਸਹਾਇਕ ਸਿਵਲ ਸਰਜਨ ਕਪੂਰਥਲਾ ਡਾ.ਅਨੂੰ ਸ਼ਰਮਾ, ਡਾ.ਰਾਜੀਵ ਭਗਤ,ਡਾ.ਨਵਪ੍ਰੀਤ ਕੌਰ,ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ,ਡਿਪਟੀ ਮਾਸ ਮੀਡੀਆ ਅਫ਼ਸਰ ਸੁਖਦਿਆਲ ਸਿੰਘ,ਏ.ਐਮ.ਓ ਸੁਖਵੰਤ ਸਿੰਘ,ਏ.ਐਮ.ਓ ਬਲਕਾਰ ਸਿੰਘ, ,ਗੁਰਵੀਰ ਸਿੰਘ ਐਸ.ਆਈ.,ਦਵਿੰਦਰ ਸਿੰਘ ਆਦਿ ਹਾਜ਼ਰ ਸਨ।

# ਟੋਟੇ-ਟੋਟੇ ਹੋਏ ਬਿਨਾਂ ਹਾਰ ਸਵੀਕਾਰ ਨਹੀਂ ਕਰੇਗਾ ਪਾਕਿਸਤਾਨ : ਕਮਲ ਸਰੋਜ



ਫਗਵਾੜਾ ( ਸੁਸ਼ੀਲ ਸ਼ਰਮਾ ) ਪੱਛਮੀ ਸਰਹੱਦਾਂ 'ਤੇ ਭਾਰਤ ਅਤੇ ਪਾਕਿਸਤਾਨ ਵਿਚਾਲੇ ਜਾਰੀ ਭਿਆਨਕ ਟਕਰਾਅ ਨੂੰ ਲੈ ਕੇ ਟਿੱਪਣੀ ਕਰਦੇ ਹੋਏ ਸ਼ਿਵ ਸੈਨਾ ਯੂ.ਬੀ.ਟੀ. ਦੇ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਨੇ ਅੱਜ ਇੱਥੇ ਗੱਲਬਾਤ ਦੌਰਾਨ ਕਿਹਾ ਕਿ ਜਦੋਂ ਤੱਕ ਪਾਕਿਸਤਾਨ ਨੂੰ ਚਾਰ ਹਿੱਸਿਆਂ ਵਿੱਚ ਵੰਡਿਆ ਨਹੀਂ ਜਾਂਦਾ, ਉਹ ਆਪਣੀ ਹਾਰ ਸਵੀਕਾਰ ਨਹੀਂ ਕਰੇਗਾ। ਲੇਕਿਨ ਇਸ ਅਣਐਲਾਨੀ ਜੰਗ 'ਚ ਭਾਰਤੀ ਫੌਜ ਜਿਸ ਤਰ੍ਹਾਂ ਆਪਣੀ ਬਹਾਦਰੀ ਦਿਖਾ ਰਹੀ ਹੈ, ਉਸ ਨੂੰ ਦੇਖ ਕੇ ਹਰ ਭਾਰਤੀ ਦੀ ਛਾਤੀ ਮਾਣ ਨਾਲ ਭਰ ਰਹੀ ਹੈ। ਪਾਕਿਸਤਾਨ 'ਤੇ ਚੁਟਕੀ ਲੈਂਦੇ ਹੋਏ ਉਨ੍ਹਾਂ ਕਿਹਾ ਕਿ ਭਾਰਤ ਤਾਂ ਸ੍ਰਿਸ਼ਟੀ ਦੀ ਸ਼ੁਰੂਆਤ ਤੋਂ ਹੋਂਦ ਵਿਚ ਹੈ ਅਤੇ ਅੰਤ ਤੱਕ ਰਹੇਗਾ, ਪਰ 1947 'ਚ ਪੈਦਾ ਹੋਇਆ ਪਾਕਿਸਤਾਨ 78 ਸਾਲ ਦੀ ਬਿਰਧ ਉਮਰ ਅਤੇ ਭੁੱਖਮਰੀ, ਕੰਗਾਲੀ ਦੇ ਨਾਲ ਅੱਤਵਾਦ ਦੇ ਕੈਂਸਰ ਤੋਂ ਵੀ ਪੀੜਤ ਹੈ। ਜਿਸ ਕਰਕੇ ਅਗਲੇ ਕੁਝ ਦਿਨਾਂ ਵਿੱਚ ਉਸਦਾ ਸਾਹ ਰੁਕਣਾ ਤੈਅ ਹੈ। ਦੁਨੀਆ ਦੇਖ ਰਹੀ ਹੈ ਕਿ ਭਾਰਤੀ ਫੌਜ ਦੇ ਹਥਿਆਰ ਪਾਕਿਸਤਾਨ ਦੇ ਸਿਰ 'ਤੇ ਮੰਡਰਾ ਰਹੇ ਹਨ। ਕਮਲ ਸਰੋਜ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਪਾਕਿਸਤਾਨ ਭਾਰਤ ਵਿਰੁੱਧ ਕੀਤੇ ਗਏ ਹਰ ਪਾਪ ਦੇ ਨਤੀਜੇ ਭੁਗਤੇਗਾ। ਇੱਕ ਸਵਾਲ ਦੇ ਜਵਾਬ ਵਿੱਚ ਸ਼ਿਵ ਸੈਨਾ ਨੇਤਾ ਨੇ ਕਿਹਾ ਕਿ ਦੁਨੀਆ ਜਾਣਦੀ ਹੈ ਕਿ ਸ਼ਿਵ ਸੈਨਾ ਯੂਬੀਟੀ ਇੱਕ ਰਾਸ਼ਟਰਵਾਦੀ ਸੰਗਠਨ ਹੈ ਅਤੇ ਪਾਕਿਸਤਾਨ ਨਾਲ ਭਾਰਤ ਦੇ ਫੈਸਲਾਕੁੰਨ ਯੁੱਧ ਵਿੱਚ ਇਸ ਵਿਸ਼ਵਾਸ ਦੇ ਨਾਲ ਦ੍ਰਿੜ ਹੈ ਕਿ ਭਾਰਤ ਸਰਕਾਰ ਪਾਕਿਸਤਾਨ ਦੇ ਕਬਜ਼ੇ ਵਾਲੇ ਜੰਮੂ ਅਤੇ ਕਸ਼ਮੀਰ ਦੇ ਇਲਾਕੇ ਵਾਪਸ ਲੈਣ ਅਤੇ ਬਲੋਚਿਸਤਾਨ ਤੇ ਸਿੰਧ ਨੂੰ ਪਾਕਿਸਤਾਨ ਤੋਂ ਵੱਖ ਕਰਨ ਤੋਂ ਬਾਅਦ ਹੀ ਇਸ ਵਾਰ ਜੰਗਬੰਦੀ ਦਾ ਐਲਾਨ ਕਰੇਗੀ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ। ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ। ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ। ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ। ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਪਿੰਡ ਢੱਕ ਪੰਡੋਰੀ 'ਚ ਗਰੀਨ ਪੰਜਾਬ ਮੁਹਿਮ ਤਹਿਤ ਬੂਟੇ ਲਗਾਉਣ ਦੀ ਹੋਈ ਸ਼ੁਰੂਆਤ



ਫਗਵਾੜਾ ( ਸੁਸ਼ੀਲ ਸ਼ਰਮਾ ) ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਚਲਾਈ ਜਾ ਰਹੀ ਗਰੀਨ ਪੰਜਾਬ ਮੁਹਿਮ ਨੂੰ ਮੁੱਖ ਰੱਖਦਿਆਂ ਅੱਜ ਪਿੰਡ ਢੱਕ ਪੰਡੋਰੀ ਦੀ ਗ੍ਰਾਮ ਪੰਚਾਇਤ ਵਲੋਂ ਪਿੰਡ ਦੀ ਫਿਰਨੀ 'ਤੇ 101 ਬੂਟੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ। ਇਸ ਦੌਰਾਨ ਵਿਸ਼ੇਸ਼ ਤੌਰ ਤੇ ਪਹੁੰਚੇ ਆਮ ਆਦਮੀ ਪਾਰਟੀ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਪਹਿਲਾਂ ਬੂਟਾ ਆਪਣੇ ਹੱਥੀਂ ਲਗਾਇਆ ਅਤੇ ਪੰਜਾਬ ਸਰਕਾਰ ਦੀ ਮੁਹਿਮ ਤਹਿਤ ਪੰਚਾਇਤ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਹਰਿਆ-ਭਰਿਆ ਸ਼ੁੱਧ ਵਾਤਾਵਰਣ ਸਿਹਤ ਲਈ ਚੰਗਾ ਰਹਿੰਦਾ ਹੈ ਅਤੇ ਖੂਬਸੂਰਤੀ ਵੀ ਵਧਾਉਂਦਾ ਹੈ।
ਇਸ ਦੌਰਾਨ ਉਹਨਾਂ ਨੇ ਪਿੰਡ ਦੇ ਅਧੂਰੇ ਕੰਮਾਂ ਦਾ ਜਾਇਜ਼ਾ ਲਿਆ ਅਤੇ ਪੰਚਾਇਤ ਨੂੰ ਭਰੋਸਾ ਦਿੱਤਾ ਕਿ ਪਿੰਡ ਦੇ ਵਿਕਾਸ ਲਈ ਗਰਾਂਟ ਦੀ ਕੋਈ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ । ਮਾਨ ਨੇ ਪਿੰਡ ਦੇ ਸਰਕਾਰੀ ਸਕੂਲ ਨੂੰ 10+2 ਤਕ ਪ੍ਰਮੋਟ ਕਰਵਾਉਣ ਲਈ ਸਿੱਖਿਆ ਮੰਤਰੀ ਅਤੇ ਸਿੱਖਿਆ ਵਿਭਾਗ ਪੰਜਾਬ ਨਾਲ ਰਾਬਤਾ ਕਰਨ ਦੀ ਗੱਲ ਵੀ ਕਹੀ। ਇਸ ਤੋਂ ਪਹਿਲਾਂ ਜੋਗਿੰਦਰ ਸਿੰਘ ਮਾਨ ਦਾ ਪਿੰਡ ਪਹੁੰਚਣ ਤੇ ਸਰਪੰਚ ਵਿਜੇ ਕੁਮਾਰ ਦੀ ਅਗਵਾਈ ਹੇਠ ਪੰਚਾਇਤ ਅਤੇ ਪਤਵੰਤਿਆਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪੰਚਾਇਤ ਮੈਂਬਰ ਸਤਪਾਲ, ਬਲਵਿੰਦਰ ਪਾਲ, ਪ੍ਰੇਮ ਕੁਮਾਰ, ਕਮਲੇਸ਼ ਰਾਣੀ, ਨਿਰਮਲ ਕੌਰ, ਸੁਰਿੰਦਰ ਕੌਰ ਤੋਂ ਇਲਾਵਾ ਗਗਨ ਦੀਪ ਸਿੰਘ, ਧੰਨਪਤ ਰਾਏ, ਅਜੇ ਕੁਮਾਰ, ਕਾਰਤਿਕ ਬੋਧ, ਰਾਮ ਲੁਭਾਇਆ, ਲਾਡੀ, ਗੁਰਬਖਸ ਕੌਰ, ਨਿਕੋ ਰਾਣੀ, ਧਰਮ ਪਾਲ, ਅਮਰਜੀਤ ਰਾਮ ਆਦਿ ਹਾਜਰ ਸਨ।

# ਕਾਨਪੁਰ ਵਿੱਚ ਸਖ਼ਤ ਸੁਰੱਖਿਆ ਅਲਰਟ, ਅਫਵਾਹਾਂ ਦੇ ਮੱਦੇਨਜ਼ਰ ਸੋਸ਼ਲ ਮੀਡੀਆ ਤੇ ਨਿਗਰਾਨੀ

ਕਾਨਪੁਰ(ਸੁਨੀਲ ਬਾਜਪਾਈ) ਪਾਕਿਸਤਾਨ ਦੇ ਰੂਪ ਵਿੱਚ ਅੱਤਵਾਦ ਨੂੰ ਜੜ੍ਹੋਂ ਪੁੱਟਣ ਲਈ ਦ੍ਰਿੜ ਭਾਰਤ, ਜੰਗ ਵਿੱਚ ਪਾਕਿਸਤਾਨ ਨੂੰ ਲਗਾਤਾਰ ਢੁਕਵਾਂ ਜਵਾਬ ਦੇ ਰਿਹਾ ਹੈ। ਵਧਦੇ ਤਣਾਅ ਦੇ ਮੱਦੇਨਜ਼ਰ, ਉੱਤਰ ਪ੍ਰਦੇਸ਼ ਦਾ ਸਭ ਤੋਂ ਸੰਵੇਦਨਸ਼ੀਲ ਮਹਾਂਨਗਰ ਕਾਨਪੁਰ ਇਸ ਸਮੇਂ ਹਾਈ ਅਲਰਟ ਤੇ ਹੈ। ਇੱਥੇ ਸਾਰੇ ਮਹੱਤਵਪੂਰਨ ਅਦਾਰੇ, ਰੱਖਿਆ ਸਮੇਤ, ਹੁਣ ਸਖ਼ਤ ਸੁਰੱਖਿਆ ਹੇਠ ਹਨ।
ਇੱਥੇ ਹਰ ਤਰ੍ਹਾਂ ਦੀਆਂ ਸਥਿਤੀਆਂ ਨਾਲ ਨਜਿੱਠਣ ਲਈ, ਪੁਲਿਸ ਅਧਿਕਾਰੀਆਂ ਨੇ ਅਜਿਹੀ ਯੋਜਨਾ ਤਿਆਰ ਕੀਤੀ ਹੈ ਤਾਂ ਜੋ ਸ਼ਹਿਰ ਦਾ ਕੋਈ ਵੀ ਹਿੱਸਾ ਸੁਰੱਖਿਆ ਘੇਰੇ ਤੋਂ ਬਾਹਰ ਨਾ ਰਹੇ। ਇਸ ਲਈ ਅਧਿਕਾਰੀਆਂ ਨੂੰ ਉਨ੍ਹਾਂ ਦੇ ਖੇਤਰਾਂ ਦੇ ਨਾਲ-ਨਾਲ ਵੱਖ-ਵੱਖ ਸੁਰੱਖਿਆ ਪ੍ਰਬੰਧਾਂ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।
ਇਸ ਦੇ ਨਾਲ ਹੀ, ਪੁਲਿਸ ਨੇ ਅੰਦਰੂਨੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਕਮਰ ਕੱਸ ਲਈ ਹੈ। ਸ਼ਹਿਰ ਦੇ 12 ਅਦਾਰਿਆਂ ਦੀ ਨਿਗਰਾਨੀ ਲਈ ਹਾਈ ਅਲਰਟ ਜਾਰੀ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਰੱਖਿਆ ਸੰਸਥਾਵਾਂ ਵੀ ਸ਼ਾਮਲ ਹਨ। ਇਸ ਦੇ ਨਾਲ ਹੀ ਸ਼ਹਿਰ ਦੇ ਰਣਨੀਤਕ ਮਹੱਤਵ ਵਾਲੇ 35 ਸਥਾਨਾਂ ਤੇ ਸੁਰੱਖਿਆ ਪ੍ਰਬੰਧਾਂ ਨੂੰ ਵਧਾਉਣ ਦੀਆਂ ਕੋਸ਼ਿਸ਼ਾਂ ਵੀ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਸੁਰੱਖਿਆ ਕਾਰਨਾਂ ਕਰਕੇ, ਇਨ੍ਹਾਂ ਸੰਸਥਾਵਾਂ ਅਤੇ ਅਦਾਰਿਆਂ ਦੇ ਨਾਵਾਂ ਦਾ ਖੁਲਾਸਾ ਨਹੀਂ ਕੀਤਾ ਗਿਆ ਹੈ। ਐਡੀਸ਼ਨਲ ਸੀਪੀ ਦੇ ਨਿਰਦੇਸ਼ਾਂ ਹੇਠ ਇੱਥੇ ਹੋਈ ਸਮੀਖਿਆ ਮੀਟਿੰਗ ਵਿੱਚ ਇਸ ਲਈ ਮਹੱਤਵਪੂਰਨ ਫੈਸਲੇ ਲਏ ਗਏ ਹਨ। ਸੁਰੱਖਿਆ ਦੀ ਜ਼ਿੰਮੇਵਾਰੀ ਜ਼ੋਨਵਾਰ ਚਾਰ ਡੀਸੀਪੀਜ਼ ਨੂੰ ਸੌਂਪੀ ਗਈ ਹੈ।
ਇਸ ਦੌਰਾਨ, ਸੂਤਰਾਂ ਨੇ ਹੇਠ ਲਿਖਿਆਂ ਦਾ ਦਾਅਵਾ ਕੀਤਾ ਹੈ: ਉਨ੍ਹਾਂ ਦੇ ਅਨੁਸਾਰ, ਭਾਰਤ ਅਤੇ ਪਾਕਿਸਤਾਨ ਵਿਚਕਾਰ ਚੱਲ ਰਹੇ ਤਣਾਅ ਦੇ ਸੰਬੰਧ ਵਿੱਚ ਸੋਸ਼ਲ ਮੀਡੀਆ ਨੂੰ ਸਭ ਤੋਂ ਨਰਮ ਨਿਸ਼ਾਨਾ ਮੰਨਿਆ ਗਿਆ ਹੈ। ਫਰਜ਼ੀ ਸੁਨੇਹਿਆਂ ਤੋਂ ਲੈ ਕੇ ਵੀਡੀਓਜ਼ ਅਤੇ ਭੜਕਾਊ ਪੋਸਟਾਂ ਤੱਕ, ਸੋਸ਼ਲ ਮੀਡੀਆ ਤੇ ਸਭ ਕੁਝ ਤੇਜ਼ੀ ਨਾਲ ਪੋਸਟ ਕੀਤਾ ਜਾ ਰਿਹਾ ਹੈ। ਏਡੀਸੀਪੀ ਐਲਆਈਯੂ ਰਾਜੇਸ਼ ਕੁਮਾਰ ਸ੍ਰੀਵਾਸਤਵ ਨੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅ ਦੇ ਮੱਦੇਨਜ਼ਰ, ਸੋਸ਼ਲ ਮੀਡੀਆ ਤੇ ਗੁੰਮਰਾਹਕੁੰਨ ਖ਼ਬਰਾਂ ਅਤੇ ਵੀਡੀਓ ਅਪਲੋਡ ਕਰਕੇ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ। ਇਸਦੀ ਨਿਗਰਾਨੀ ਲਈ ਏਸੀਪੀ ਕਲਿਆਣਪੁਰ ਨੂੰ ਨੋਡਲ ਅਫਸਰ ਬਣਾਇਆ ਗਿਆ ਹੈ। ਕੁੱਲ ਮਿਲਾ ਕੇ, ਪੁਲਿਸ ਪ੍ਰਸ਼ਾਸਨ ਇਸ ਗੰਭੀਰ ਮੁੱਦੇ ਪ੍ਰਤੀ ਹਰ ਤਰ੍ਹਾਂ ਨਾਲ ਸੁਚੇਤ ਅਤੇ ਸਰਗਰਮ ਹੈ। ਇਸਨੇ ਜ਼ਿਲ੍ਹੇ ਭਰ ਵਿੱਚ ਰੱਖਿਆ ਸੰਸਥਾਵਾਂ ਸਮੇਤ ਸਾਰੇ ਮਹੱਤਵਪੂਰਨ ਅਦਾਰਿਆਂ ਤੇ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਹਨ। ਇਸ ਦੇ ਨਾਲ ਹੀ, ਅਫਵਾਹਾਂ ਨੂੰ ਰੋਕਣ ਲਈ ਸੋਸ਼ਲ ਮੀਡੀਆ ਤੇ ਵੀ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ।

# ਜ਼ਿਲ੍ਹਾ ਮੈਜਿਸਟਰੇਟ ਨੇ ਜ਼ਰੂਰੀ ਵਸਤਾਂ ਦੇ ਭੰਡਾਰ ਕਰਨ ਉੱਤੇ ਲਗਾਈ ਪਾਬੰਦੀ



ਬਰਨਾਲਾ,-
ਮੌਜੂਦਾ ਹਾਲਾਤ ਦੌਰਾਨ ਕੁਝ ਦੁਕਾਨਦਾਰਾਂ ਵੱਲੋਂ ਖਾਣ-ਪੀਣ ਦੀਆਂ ਵਸਤੂਆਂ, ਪੈਟਰੋਲ, ਡੀਜ਼ਲ, ਚਾਰਾ ਅਤੇ ਹੋਰ ਰੋਜ਼ਾਨਾ ਲੋੜਾਂ ਵਾਲੀਆਂ ਜ਼ਰੂਰੀ ਵਸਤੂਆਂ ਦੀ ਜਮ੍ਹਾਂਖੋਰੀ ਅਤੇ ਕਾਲਾਬਾਜ਼ਾਰੀ ਰੋਕਣ ਲਈ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟਰੇਟ ਬਰਨਾਲਾ ਸ੍ਰੀ ਟੀ ਬੈਨਿਥ ਨੇ ਜ਼ਰੂਰੀ ਵਸਤਾਂ ਜਿਨ੍ਹਾਂ ਵਿੱਚ ਅਨਾਜ ਅਤੇ ਹੋਰ ਖਾਣ ਪੀਣ ਦੀਆਂ ਵਸਤੂਆਂ, ਚਾਰਾ, ਦੁੱਧ ਤੇ ਡੇਅਰੀ ਉਤਪਾਦਾਂ, ਪੈਟਰੋਲ ਤੇ ਹੋਰ ਬਾਲਣ ਅਤੇ ਰੋਜ਼ਾਨਾ ਵਰਤੋਂ ਦੀਆਂ ਜ਼ਰੂਰੀ ਚੀਜਾਂ ਦਾ ਭੰਡਾਰ ਕਰਨ ਉੱਤੇ ਪਾਬੰਦੀ ਲਗਾਈ ਹੈ।
ਜਾਰੀ ਹੁਕਮਾਂ ਵਿੱਚ ਉਹਨਾਂ ਕਿਹਾ ਕਿ ਜ਼ਿਲ੍ਹਾ ਵਾਸੀ ਜ਼ਰੂਰੀ ਵਸਤੂਆਂ ਦੀ ਜਮ੍ਹਾਂਖੋਰੀ ਅਤੇ ਕਾਲਾਬਾਜ਼ਾਰੀ ਆਦਿ ਸਬੰਧੀ ਸਬੰਧਿਤ ਅਧਿਕਾਰੀ ਨੂੰ ਇਸ ਦੀ ਰਿਪੋਰਟ ਕਰ ਸਕਦੇ ਹਨ। ਉਹਨਾਂ ਕਿਹਾ ਕਿ ਕਿਸ ਵਪਾਰੀ ਜਾਂ ਪ੍ਰਾਈਵੇਟ ਵਿਅਕਤੀ ਵੱਲੋਂ ਕਿਸੇ ਕਿਸਮ ਦੀ ਜਮ੍ਹਾਖੋਰੀ ਕੀਤੀ ਜਾ ਰਹੀ ਹੈ ਤਾਂ ਉਸ ਸਬੰਧੀ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ, ਸ੍ਰੀ ਹਰਸ਼ਰਨਜੀਤ ਸਿੰਘ ਨਾਲ ਮੋਬਾਇਲ ਨੰਬਰ 97797—25465 'ਤੇ, ਏ.ਐਫ.ਐਸ.ਓ ਸ੍ਰੀ ਪ੍ਰਦੀਪ ਸਿੰਘ ਨਾਲ ਫੋਨ ਨੰਬਰ 98720—18044 'ਤੇ ਅਤੇ ਡਿਪਟੀ ਡਾਇਰੈਕਟਰ, ਪਸ਼ੂ ਪਾਲਣ, ਬਰਨਾਲਾ ਸ੍ਰੀ ਕਰਮਜੀਤ ਸਿੰਘ ਫੋਨ ਨੰਬਰ 95011—18071 'ਤੇ, ਡਾ. ਗਗਨਜੋਤ ਸਿੰਘ ਫੋਨ ਨੰਬਰ 96643—43592 'ਤੇ, ਜ਼ਿਲ੍ਹਾ ਮੰਡੀ ਅਫਸਰ ਬਰਨਾਲਾ ਸ੍ਰੀ ਬਿਰਇੰਦਰ ਸਿੰਘ ਫੋਨ ਨੰਬਰ 99882—12210 'ਤੇ, ਸ੍ਰੀ ਕੁਲਵਿੰਦਰ ਸਿੰਘ ਫੋਨ ਨੰਬਰ 98151—80178 'ਤੇ, ਡੀ.ਐਮ ਸ੍ਰੀਮਤੀ ਕਮਲਪ੍ਰੀਤ ਕੌਰ ਫੋਨ ਨੰਬਰ 94179—45150 'ਤੇ, ਐਫ.ਐਸ.ਓ ਸ੍ਰੀ ਯਸ਼ੀਨ ਫੋਨ ਨੰਬਰ 75278—84373 'ਤੇ ਅਤੇ ਚੀਫ ਫਾਰਮੈਸੀ ਅਫਸਰ ਸ੍ਰੀ ਪਵਨ ਕੁਮਾਰ ਫੋਨ ਨੰਬਰ 98728—69002 'ਤੇ ਸੰਪਰਕ ਕੀਤਾ ਜਾ ਸਕਦਾ ਹੈ।
ਡਿਪਟੀ ਕਮਿਸ਼ਨਰ ਨੇ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਕਾਲਾਬਾਜ਼ਾਰੀ, ਜਮ੍ਹਾਂਖੋਰੀ ਅਤੇ ਵਸਤੂਆਂ ਦੀ ਫਰਜ਼ੀ ਘਾਟ ਨੂੰ ਰੋਕਣ ਲਈ ਸਖ਼ਤ ਕਾਰਵਾਈ ਅਮਲ ਵਿੱਚ ਲਿਆਉਣ। ਉਹਨਾਂ ਸਪੱਸ਼ਟ ਕੀਤਾ ਕਿ ਕਿਸੇ ਵੀ ਵਿਅਕਤੀ, ਵਪਾਰੀ ਜਾਂ ਸੰਗਠਨ ਨੂੰ ਅਨਾਜ ਅਤੇ ਸੰਬੰਧਿਤ ਸਮਾਨ, ਚਾਰਾ, ਦੁੱਧ ਅਤੇ ਡੇਅਰੀ ਉਤਪਾਦ, ਪੈਟਰੋਲ, ਡੀਜ਼ਲ ਤੇ ਹੋਰ ਬਾਲਣ ਵਰਗੀਆਂ ਜ਼ਰੂਰੀ ਵਸਤੂਆਂ ਨੂੰ ਜਮ੍ਹਾਂਖੋਰੀ ਨਹੀਂ ਕਰਨ ਦਿੱਤੀ ਜਾਵੇਗੀ ਅਤੇ ਇਸ ਸਬੰਧੀ ਕੀਤੀ ਗਈ ਉਲੰਘਣਾ ਨੂੰ ਸਖਤੀ ਨਾਲ ਨਜਿੱਠਿਆ ਜਾਵੇਗਾ।
ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਜਮ੍ਹਾਂਖੋਰੀ ਤੋਂ ਬਚਣ ਦੀ ਅਪੀਲ ਕਰਦਿਆਂ ਭਰੋਸਾ ਦਿਵਾਇਆ ਹੈ ਕਿ ਜ਼ਿਲ੍ਹੇ ਵਿੱਚ ਕਰਿਆਨੇ, ਦੁੱਧ, ਅਨਾਜ, ਦਾਲਾਂ ਅਤੇ ਹੋਰ ਖਪਤਕਾਰ ਸਮਾਨ ਸਮੇਤ ਜ਼ਰੂਰੀ ਵਸਤੂਆਂ ਦੀ ਕੋਈ ਕਮੀ ਨਹੀਂ ਹੈ।ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਵੀ ਦੁਕਾਨਦਾਰ ਜਾਂ ਵਪਾਰੀ ਵਸਤੂਆਂ ਦੀ ਫਰਜ਼ੀ ਕਮੀ ਜਾਂ ਸ਼ੋਸ਼ਣਕਾਰੀ ਕੀਮਤਾਂ ਵਿੱਚ ਸ਼ਾਮਿਲ ਪਾਇਆ ਗਿਆ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੰਟਰੋਲ ਰੂਮ ਸਥਾਪਿਤ



ਬਰਨਾਲਾ,-ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵੱਲੋਂ ਵਰਤਮਾਨ ਹਲਾਤਾਂ ਦੇ ਮੱਦੇਨਜਰ ਇਕ 24 ਘੰਟੇ ਚੱਲਣ ਵਾਲਾ ਕੰਟਰੋਲ ਰੂਮ ਸਥਾਪਿਤ ਕੀਤਾ ਹੈ। ਇਹ ਜਾਣਕਾਰੀ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਟੀ ਬੈਨਿਥ ਨੇ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਕੰਟਰੋਲ ਰੂਮ ਦੇ ਜ਼ਿਲ੍ਹਾ ਪ੍ਰਸ਼ਾਸਨ 01679-233031, ਐਸਐਸਪੀ ਦਫਤਰ 97795-45100 ਅਤੇ 98726-00040 ਹੈਲਪ ਲਾਈਨ ਨੰਬਰ ਜਾਰੀ ਕੀਤੇ ਹਨ। ਜ਼ਿਲ੍ਹਾ ਵਾਸੀ ਕਿਸੇ ਕਿਸਮ ਦੀ ਸੂਚਨਾ ਦੇਣ ਜਾਂ ਜਾਣਕਾਰੀ ਲਈ ਇਨ੍ਹਾਂ ਨੰਬਰ ਤੇ ਕਾਲ ਕਰ ਸਕਦੇ ਹਨ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਪ੍ਰਕਾਰ ਦੀ ਅਫਵਾਹ ਤੋਂ ਬਚਿਆ ਜਾਵੇ ਅਤੇ ਅਫਵਾਹ ਫੈਲਾਉਣ ਵਾਲੇ ਸੁਨੇਹੇ ਫੇਸਬੁੱਕ, ਵਟਸਅੱਪ, ਰੀਲਾਂ ਆਦਿ ਨੂੰ ਅੱਗੇ ਸ਼ੇਅਰ ਨਾ ਕੀਤਾ ਜਾਵੇ।

# ਸਿਵਲ ਅਤੇ ਪੁਲਿਸ ਪ੍ਰਸ਼ਾਸਨ ਨੇ ਸੰਕਟ ਦੀ ਸਥਿਤੀ ਨਾਲ ਨਜਿੱਠਣ ਲਈ ਕਰਵਾਈ ਮੌਕ ਡਰਿੱਲ



ਤਪਾ ਮੰਡੀ,-ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਸੰਕਟ ਦੀ ਸਥਿਤੀ ਨਾਲ ਨਜਿੱਠਣ ਲਈ ਇਲਾਕੇ ਅੰਦਰ ਵੱਖ ਵੱਖ ਥਾਵਾਂ ਤੇ ਮੌਕ ਡਰਿੱਲ ਕਰਵਾਈ।ਇਸ ਮੌਕੇ ਲੋਕਾਂ ਨੂੰ ਦੱਸਿਆ ਗਿਆ ਕਿ ਜੇ ਦੁਸ਼ਮਣ ਵਾਰ ਕਰਦਾ ਹੈ ਤਾਂ ਉਸ ਨੂੰ ਕਿਵੇਂ ਕਾਬੂ ਕੀਤਾ ਜਾ ਸਕਦਾ ਹੈ। ਇਸ ਦੌਰਾਨ ਐਸ.ਡੀ.ਐਮ ਤਪਾ ਮੈਡਮ ਸਿਮਰਪ੍ਰੀਤ ਕੌਰ, ਡੀ.ਐਸ.ਪੀ ਤਪਾ ਗੁਰਬਿੰਦਰ ਸਿੰਘ, ਨਾਇਬ ਤਹਿਸੀਲਦਾਰ ਓਂਕਾਰ ਸਿੰਘ,ਐਸ.ਐਮ.ਓ ਮੈਡਮ ਇੰਦੂ ਬਾਂਸਲ,ਥਾਣਾ ਮੁਖੀ ਮੈਡਮ ਰੇਨੂੰ ਪਰੋਚਾ,ਸਿਟੀ ਇੰਚਾਰਜ ਬਲਜੀਤ ਸਿੰਘ ਢਿੱਲੋ ਆਦਿ ਤੋਂ ਇਲਾਵਾ ਫਾਇਰ ਬ੍ਰਿਗੇਡ, ਨਗਰ ਕੌਂਸਲ, ਮੈਡੀਕਲ ਟੀਮਾਂ ਅਤੇ ਹੋਰ ਵੱਖ ਵੱਖ ਵਿਭਾਗਾਂ ਦੇ ਕਰਮਚਾਰੀ ਹਾਜ਼ਰ ਰਹੇ। ਪ੍ਰਸ਼ਾਸਨ ਵੱਲੋਂ ਤਪਾ ਵਿਖੇ ਅੰਦਰਲੇ ਬੱਸ ਸਟੈਂਡ, ਨਗਰ ਕੌਂਸਲ ਅਤੇ ਸਿਵਲ ਹਸਪਤਾਲ ਵਿਖੇ ਮੌਕ ਡਰਿੱਲ ਕਰਵਾਈ ਗਈ। ਉਨ੍ਹਾਂ ਆਮ ਨਾਗਰਿਕ ਨੂੰ ਦੱਸਿਆ ਕਿ ਖਤਰੇ ਦਾ ਸ਼ਾਇਰਨ ਵੱਜੇਗਾ ਤਾਂ ਘਬਰਾਉਣ ਦੀ ਲੋੜ ਨਹੀਂ,ਬਲਕਿ ਸਰਕਾਰ ਵੱਲੋਂ ਆਏ ਆਦੇਸ਼ਾਂ ਅਨੁਸਾਰ ਸ਼ਹਿਰ ਵਾਸੀਆਂ ਨੂੰ ਅਣਸੁਖਾਵੀਂ ਘਟਨਾ ਜਾਂ ਸੰਕਟ ਮੌਕੇ ਬਚਾਅ ਸਬੰਧੀ ਸਿਖਲਾਈ ਦੇਣ ਲਈ ਇਹ ਡਰਿਲ ਕਰਵਾਈ ਗਈ ਹੈ।ਇਹ ਸਿਰਫ ਇਕ ਅਭਿਆਸ ਪ੍ਰਕਿਰਿਆ ਹੈ ਜੋ ਫੰਕਸ਼ਨਲਟੀ ਅਤੇ ਸਾਊਂਡ ਚੈੱਕ ਕਰਨ ਲਈ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਜਿਹੇ ਹਾਲਾਤ ਵਿਚ ਸਾਨੂੰ ਹੌਸਲਾ ਰੱਖਦਿਆਂ ਆਪਣੀ ਫ਼ੌਜ ਦਾ ਸਾਥ ਦੇਣਾ ਚਾਹੀਦਾ ਹੈ। ਜੇਕਰ ਕੋਈ ਸੰਕਟ ਆਉਂਦਾ ਹੈ ਤਾਂ ਉਹ ਸਾਇਰਨ ਦੀ ਇਹ ਆਵਾਜ਼ ਸੁਣਦੇ ਸਾਰ ਉੱਚੀਆਂ ਇਮਾਰਤਾਂ ਵਿਚੋਂ ਨਿਕਲ ਕੇ ਕਿਸੇ ਜ਼ਮੀਨ ਜਾਂ ਜ਼ਮੀਨਦੋਜ਼ ਬੰਕਰ ਉੱਤੇ ਪਹੁੰਚ ਜਾਣ, ਜੇਕਰ ਉਨ੍ਹਾਂ ਕੋਲ ਉੱਥੇ ਕੋਈ ਛੱਤ ਨਹੀਂ ਹੈ ਤਾਂ ਉਹ ਦਰਖਤ ਦੇ ਹੇਠਾਂ ਜਾਂ ਖੁੱਲ੍ਹੇ ਦੇ ਵਿਚ ਲੰਮੇ ਪੈ ਜਾਣ । ਜੋ ਲੋਕ ਇਮਾਰਤਾਂ ਦੇ ਵਿਚ ਰਹਿ ਰਹੇ ਹੋਣਗੇ ਉਹ ਖਿੜਕੀਆਂ ਅਤੇ ਖਾਸ ਕਰਕੇ ਸ਼ੀਸ਼ੇ ਤੋਂ ਦੂਰ ਹੋ ਜਾਣ। ਇਸੇ ਦੌਰਾਨ ਉਹ ਘਰੇਲੂ ਗੈਸ ਅਤੇ ਬਿਜਲੀ ਦੇ ਕੁਨੈਕਸ਼ਨ ਬੰਦ ਰੱਖਣ। ਉਨ੍ਹਾਂ ਕਿਹਾ ਕਿ ਇਸ ਸਮੇਂ ਦੌਰਾਨ ਸੜਕ ਉੱਤੋਂ ਚਲਦੇ ਰਾਹਗੀਰ ਜਾਂ ਗੱਡੀਆਂ ਐਮਰਜੈਂਸੀ ਵਹੀਕਲ ਜਿਨ੍ਹਾਂ ਵਿਚ ਅੱਗ ਬੁਝਾਊ ਗੱਡੀਆਂ ਜਾਂ ਐਂਬੂਲੈਂਸ ਹੋ ਸਕਦੀਆਂ ਹਨ, ਨੂੰ ਤੁਰੰਤ ਰਸਤਾ ਦੇਣ।ਅਲਰਟ ਦੇ ਦੌਰਾਨ ਸਾਰੀਆਂ ਅੰਦਰ ਅਤੇ ਬਾਹਰਲੀ ਲਾਈਟਾਂ ਬੰਦ ਕਰ ਦਿਓ, ਜਿਸ ਵਿਚ ਇਨਵਰਟਰ ਜਾਂ ਹੋਰ ਬਿਜਲੀ ਪੂਰਤੀ ਨੂੰ ਬੰਦ ਕਰਨਾ ਆਦਿ ਸ਼ਾਮਲ ਹਨ। ਇਸ ਮੌਕੇ ਸੈਨੇਟਰੀ ਇੰਸਪੈਕਟਰ ਅਮਨਦੀਪ ਸ਼ਰਮਾ, ਨਨਪਾਲ ਸਿੰਘ,ਡਾ:ਕੰਵਲਜੀਤ ਸਿੰਘ ਬਾਜਵਾ, ਜਸਪਾਲ ਜਟਾਣਾ, ਹੌਲਦਾਰ ਗੁਰਪਿਆਰ ਸਿੰਘ, ਸੰਦੀਪ ਸਿੰਘ, ਦੀਪ, ਜੀਨੂ,ਨਰਿੰਦਰ ਸ਼ਰਮਾ, ਤਰਸੇਮ ਚੰਦ ਖ਼ਿੱਲੂ ਆਦਿ ਵੱਖ ਵੱਖ ਵਿਭਾਗਾਂ ਦੇ ਕਰਮਚਾਰੀ ਮੌਜੂਦ ਸਨ।

# ਯੁੱਧ ਨਸ਼ਿਆਂ ਵਿਰੁੱਧ' ਤਹਿਤ ਜਲੰਧਰ 'ਚ ਅਣਅਧਿਕਾਰਤ ਜਾਇਦਾਦ ਢਾਹੀ



ਜਲੰਧਰ, : ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਪਹਿਲਕਦਮੀ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜਲੰਧਰ ਨਗਰ ਨਿਗਮ ਵੱਲੋਂ ਜਲੰਧਰ ਕਮਿਸ਼ਨਰੇਟ ਪੁਲਿਸ ਨਾਲ ਮਿਲ ਕੇ ਸ਼ੁੱਕਰਵਾਰ ਨੂੰ ਬਦਨਾਮ ਨਸ਼ਾ ਤਸਕਰ ਦੀ ਇੱਕ ਗੈਰ-ਕਾਨੂੰਨੀ ਉਸਾਰੀ ਨੂੰ ਢਾਹ ਦਿੱਤਾ ਗਿਆ।

ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਆਬਾਦਪੁਰਾ ਵਿਖੇ ਹਨੀ ਕਲਿਆਣ ਦੀ ਗੈਰ-ਕਾਨੂੰਨੀ ਉਸਾਰੀ ਢਾਹੀ ਗਈ ਹੈ। ਹਨੀ ਇੱਕ ਬਦਨਾਮ ਨਸ਼ਾ ਤਸਕਰ ਹੈ, ਜਿਸ ਦੇ ਖਿਲਾਫ਼ 5 ਐਫ.ਆਈ.ਆਰ. ਦਰਜ ਹਨ।

ਪੁਲਿਸ ਕਮਿਸ਼ਨਰ ਨੇ ਕਿਹਾ ਕਿ ਡਰੱਗ ਮਾਫੀਆ ਨੂੰ ਸਖ਼ਤ ਸੰਦੇਸ਼ ਦੇਣ ਲਈ ਅਜਿਹੀਆਂ ਕਾਰਵਾਈਆਂ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹਿਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਇਸ ਨਾਲ ਅਜਿਹੇ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਲੋਕਾਂ ਵਿੱਚ ਡਰ ਪੈਦਾ ਕਰਨ ਵਿੱਚ ਮਦਦ ਮਿਲੇਗੀ।

ਉਨ੍ਹਾਂ ਨਸ਼ਿਆਂ ਦੇ ਨੈੱਟਵਰਕ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਦੀ ਕਮਿਸ਼ਨਰੇਟ ਪੁਲਿਸ ਦੀ ਵਚਨਬੱਧਤਾ ਦਹੁਰਾਉਂਦਿਆਂ ਨਾਗਰਿਕਾਂ ਨੂੰ ਸਰਕਾਰ ਵੱਲੋਂ ਜਾਰੀ ਵਟਸਐਪ ਨੰਬਰ 9779-100-200 ਰਾਹੀਂ ਨਸ਼ਿਆਂ ਨਾਲ ਸਬੰਧਤ ਜਾਣਕਾਰੀ ਸਾਂਝੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸੂਚਨਾ ਦੇਣ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਵੇਗੀ।

ਇਸ ਦੌਰਾਨ ਵਸਨੀਕਾਂ ਨੇ ਇਸ ਪਹਿਲਕਦਮੀ ਦਾ ਸਵਾਗਤ ਕਰਦਿਆਂ ਇਸਨੂੰ ਨਸ਼ਿਆਂ ਖਿਲਾਫ਼ ਫੈਸਲਾਕੁੰਨ ਜੰਗ ਦੱਸਿਆ।

# ਕੀ ਰਿਧੀ ਮਾਫ ਕਰ ਪਾਵੇਗੀ ਆਪਣੇ ਪਤੀ ਦੇ ਕਾਤਿਲ ਨੂੰ ?




ਬੀਤੀ ਰਾਤ ਦਾ ਐਪੀਸੋਡ ਇੱਕ ਉਮੀਦ ਭਰੇ ਨੋਟ ਤੇ ਖਤਮ ਹੋਇਆ ਕਿਉਂਕਿ ਰਿਧੀ ਨੇ ਬਹਾਦਰੀ ਨਾਲ ਦੀਪਾ ਅਤੇ ਅੰਸ਼ੁਮਨ ਨੂੰ ਇੱਕ ਭਿਆਨਕ ਅੱਗ ਤੋਂ ਬਚਾਇਆ। ਅੰਗਦ ਨੇ ਅੰਸ਼ੁਮਨ ਨੂੰ ਮਾਫ਼ ਕਰਕੇ ਇੱਕ ਵੱਡਾ ਕਦਮ ਚੁੱਕਿਆ, ਅਤੇ ਰਿਧੀ ਨੇ ਵੀ ਦਿਲੋਂ ਮੁਆਫ਼ੀ ਮੰਗਦੇ ਹੋਏ ਅੰਗਦ ਨਾਲ ਸੁਲ੍ਹਾ ਕੀਤੀ। ਭਾਵਨਾਤਮਕ ਰੋਲਰਕੋਸਟਰ ਕਾਰਨ ਰਿਧੀ ਨੇ ਵਿਆਹ ਰਾਹੀਂ ਦੀਪਾ ਅਤੇ ਅੰਸ਼ੁਮਨ ਨੂੰ ਦੁਬਾਰਾ ਮਿਲਾਉਣ ਦਾ ਫੈਸਲਾ ਕੀਤਾ।

ਅੱਜ ਦੇ ਭਾਵਨਾਤਮਕ ਤੌਰ ਤੇ ਭਰੇ ਐਪੀਸੋਡ ਵਿੱਚ, ਰਿਧੀ ਅਤੇ ਅੰਗਦ ਸਾਰੀ ਰਾਤ ਛੱਤ ਤੇ ਗੱਲਾਂ ਕਰਦੇ ਹੋਏ ਬਿਤਾਉਂਦੇ ਹਨ। ਜਿਵੇਂ-ਜਿਵੇਂ ਸ਼ਹਿਰ ਸੌਂਦਾ ਹੈ, ਉਨ੍ਹਾਂ ਦਾ ਬੰਧਨ ਡੂੰਘਾ ਹੁੰਦਾ ਜਾਂਦਾ ਹੈ - ਪਰ ਅੰਗਦ ਦਾ ਦੋਸ਼ ਵੀ ਵਧਦਾ ਜਾਂਦਾ ਹੈ। ਰਿਧੀ ਦੇ ਪਹਿਲੇ ਪਤੀ ਦੀ ਮੌਤ ਬਾਰੇ ਲੰਬੇ ਸਮੇਂ ਤੋਂ ਗੁਪਤ ਰੱਖੇ ਗਏ ਭੇਤ ਦਾ ਭਾਰ ਉਸ ਤੇ ਕੁਤਰਦਾ ਹੈ, ਉਸ ਨਾਜ਼ੁਕ ਭਰੋਸੇ ਨੂੰ ਖ਼ਤਰਾ ਪੈਦਾ ਕਰਦਾ ਹੈ ਜੋ ਉਨ੍ਹਾਂ ਨੇ ਹੁਣੇ ਬਣਾਇਆ ਹੈ।

ਕੀ ਅੰਗਦ ਇਕਬਾਲ ਕਰਨ ਦੀ ਹਿੰਮਤ ਇਕੱਠੀ ਕਰ ਸਕਦਾ ਹੈ ? ਕੀ ਰਿਧੀ ਉਸਨੂੰ ਮਾਫ਼ ਕਰ ਦੇਵੇਗੀ ਜੇਕਰ ਸੱਚ ਸਾਹਮਣੇ ਆਉਂਦਾ ਹੈ ? ਜਾਂ ਕੀ ਇਹ ਖੁਲਾਸਾ ਉਨ੍ਹਾਂ ਸਭ ਕੁਝ ਖਤਮ ਕਰ ਦੇਵੇਗਾ ? ਨਵਾ ਮੋੜ ਵਿੱਚ ਦਿਲਚਸਪ ਮੋੜਾਂ ਨੂੰ ਹਰ ਸੋਮਵਾਰ ਤੋਂ ਸ਼ਨੀਵਾਰ ਸ਼ਾਮ 7:30 ਵਜੇ, ਸਿਰਫ਼ ਜ਼ੀ ਪੰਜਾਬੀ ਤੇ ਦੇਖਣਾ ਨਾ ਭੁੱਲੋ ! ਜ਼ੀ ਪੰਜਾਬੀ ਸਾਰੇ $♥®↔ ਅਤੇ 4“8 ਪਲੇਟਫਾਰਮਾਂ ਜਿਵੇਂ ਕਿ ਫਾਸਟਵੇ, ਏਅਰਟੈੱਲ 4“8, ਟਾਟਾ ਪਲੇ 4“8, ਡਿਸ਼ ਟੀਵੀ, ➢28 ਅਤੇ ਹੋਰਾਂ ਤੇ ਉਪਲਬਧ ਹੈ।

# ਬਾਜਰੇ ਦੀਆਂ ਬੋਰੀਆਂ ਦਾ ਭਰਿਆ ਟਰਾਲਾ ਪਲਟਿਆ



ਤਪਾ ਮੰਡੀ,-ਤਪਾ-ਤਾਜੋ ਲਿੰਕ ਰੋਡ ਤੇ ਬਾਜਰੇ ਦੀਆਂ ਬੋਰੀਆਂ ਦੇ ਭਰੇ ਇੱਕ ਟਰਾਲੇ ਦੇ ਪਲਟ ਜਾਣ ਦਾ ਸਮਾਚਾਰ ਸਾਹਮਣੇ ਆਇਆ ਹੈ, ਪਰੰਤੂ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਮੌਕੇ ਤੇ ਜਾ ਕੇ ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਟਰਾਲਾ ਚਾਲਕ ਗੋਰਾ ਸਿੰਘ ਵਾਸੀ ਚੋਟੀਆਂ ਨੇ ਦੱਸਿਆ ਕਿ ਉਹ ਹਿਸਾਰ ਤੋਂ ਟਰਾਲੇ ਚ ਬਾਜਰੇ ਦੀਆਂ ਬੋਰੀਆਂ ਭਰ ਕੇ ਵਾਇਆ ਤਪਾ ਹੋ ਕੇ ਜਿਉਂਦ ਜਾ ਰਿਹਾ ਸੀ। ਜਦੋਂ ਉਹ ਤਪਾ ਤਾਜੋ ਲਿੰਕ ਰੋਡ ਤੇ ਬਾਹਰਲੀ ਅਨਾਜ ਮੰਡੀ ਦੇ ਨਜ਼ਦੀਕ ਪੁੱਜਾ ਤਾਂ ਅੱਗੇ ਜਾ ਰਹੇ ਇਕ ਰੇਹੜੀ ਚਾਲਕ ਨੇ ਅਚਾਨਕ ਬਰੇਕ ਲਗਾ ਦਿੱਤੀ ਉਪਰੰਤ ਜਦ ਉਸਨੇ ਵੀ ਇਕਦਮ ਬ੍ਰੇਕ ਲਗਾਈ ਤਾਂ ਟਰਾਲੇ ਦਾ ਸੰਤੁਲਨ ਵਿਗੜ ਗਿਆ ਅਤੇ ਟਰਾਲਾ ਖਤਾਨਾਂ ਚ ਜਾ ਕੇ ਪਲਟ ਗਿਆ। ਪ੍ਰੰਤੂ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਇਸ ਘਟਨਾ ਚ ਟਰਾਲਾ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਅਤੇ ਬਾਜਰੇ ਦੀਆਂ ਬੋਰੀਆਂ ਦੂਰ ਤੱਕ ਬਾਹਰ ਬਿਖਰ ਗਈਆਂ।

# ਨਸ਼ਾ ਛੁਡਾਊ ਕੇਂਦਰ 'ਚ ਸੀ.ਐਮ. ਦੀ ਯੋਗਸ਼ਾਲਾ ਤਹਿਤ ਯੋਗਾ ਕਲਾਸਾਂ ਸ਼ੁਰੂ



ਜਲੰਧਰ, : ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਯੋਗ ਨੂੰ ਨਸ਼ਾ ਮੁਕਤੀ ਦਾ ਪ੍ਰਭਾਵਸ਼ਾਲੀ ਮਾਧਿਅਮ ਬਣਾਉਂਦਿਆਂ ਜ਼ਿਲ੍ਹੇ ਦੇ ਪਿੰਡ ਸ਼ੇਖੇ ਵਿਖੇ ਚਲਾਏ ਜਾ ਰਹੇ ਨਸ਼ਾ ਛੁਡਾਊ ਕੇਂਦਰ ਵਿੱਚ ਸੀ.ਐਮ ਦੀ ਯੋਗਸ਼ਾਲਾ ਤਹਿਤ ਸ਼ਲਾਘਾਯੋਗ ਪਹਿਲ ਕੀਤੀ ਗਈ ਹੈ।

ਇੱਥੇ ਯੋਗ ਟ੍ਰੇਨਰ ਵਲੋਂ ਰੋਜ਼ਾਨਾ ਸਵੇਰੇ 7.45 ਤੋਂ 8.45 ਵਜੇ ਤੱਕ ਅਤੇ ਸ਼ਾਮ 5 ਤੋਂ ਸ਼ਾਮ 6 ਵਜੇ ਤੱਕ ਮੁਫ਼ਤ ਯੋਗ ਕਲਾਸਾਂ ਚਲਾਈਆਂ ਜਾ ਰਹੀਆਂ ਹਨ। ਇਨ੍ਹਾਂ ਕਲਾਸਾਂ ਦਾ ਉਦੇਸ਼ ਨਸ਼ਾ ਛੱਡਣ ਦੀ ਪ੍ਰਕਿਰਿਆ ਵਿਚ ਨੌਜਵਾਨਾਂ ਅਤੇ ਭਾਗੀਦਾਰਾਂ ਨੂੰ ਮਾਨਸਿਕ, ਸਰੀਰਿਕ ਅਤੇ ਆਤਮਿਕ ਤੌਰ 'ਤੇ ਮਜ਼ਬੂਤ ਬਣਾਉਣਾ ਹੈ।

ਲਗਾਤਾਰ ਯੋਗ ਅਭਿਆਸ ਨਾਲ ਇਥੇ ਭਾਗੀਦਾਰਾਂ ਦੇ ਰੁਟੀਨ ਵਿੱਚ ਅਨੁਸ਼ਾਸਨ, ਮਾਨਸਿਕ ਸਥਿਰਤਾ ਅਤੇ ਆਤਮ-ਸੰਜਮ ਵਿੱਚ ਮਹੱਤਵਪੂਰਣ ਸੁਧਾਰ ਦੇਖਿਆ ਜਾ ਰਿਹਾ ਹੈ। ਯੋਗ ਦੇ ਨਿਯਮਿਤ ਅਭਿਆਸਾਂ ਨਾਲ ਭਾਗੀਦਾਰਾਂ ਦੇ ਵਿਹਾਰ ਵਿੱਚ ਵੀ ਸਕਾਰਾਤਮਕ ਤਬਦੀਲੀਆਂ ਆਈਆਂ ਹਨ।

ਇਸ ਉਪਰਾਲੇ ਨੂੰ ਜਲੰਧਰ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਦਾ ਵੀ ਭਰਪੂਰ ਸਹਿਯੋਗ ਮਿਲ ਰਿਹਾ ਹੈ। ਜਲੰਧਰ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ, ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ ਅਤੇ ਸਿਵਲ ਹਸਪਤਾਲ ਦੇ ਸੀਨੀਅਰ ਮਨੋਚਕਿਤਸਕ ਡਾ. ਅਭੈ ਰਾਜ ਸਿੰਘ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਭਾਗ ਲੈ ਰਹੇ ਹਨ ਅਤੇ ਇਸ ਨੂੰ ਸਫ਼ਲ ਬਣਾਉਣ ਲਈ ਮਾਰਗਦਰਸ਼ਨ ਅਤੇ ਸਹਿਯੋਗ ਪ੍ਰਦਾਨ ਕਰ ਰਹੇ ਹਨ।

ਇਹ ਉਪਰਾਲਾ ਨਸ਼ਾ ਪੀੜਤਾਂ ਦੇ ਮੁੜ ਵਸੇਬੇ ਦੀ ਦਿਸ਼ਾ ਵਿੱਚ ਸ਼ਲਾਘਾਯੋਗ ਉਦਾਹਰਣ ਪੇਸ਼ ਕਰਦਾ ਹੈ, ਜਿਥੇ ਪ੍ਰਸ਼ਾਸਨ, ਡਾਕਟਰੀ ਇਲਾਜ ਅਤੇ ਯੋਗ ਮਿਲ ਕੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਯਤਨਸ਼ੀਲ ਹਨ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕੋਆਰਡੀਨੇਟਰ ਜਤਿਨ ਕੁਮਾਰ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਪ੍ਰੋਗਰਾਮ ਨਵੇਂ ਮੀਲ ਪੱਥਰ ਸਥਾਪਤ ਕਰ ਰਿਹਾ ਹੈ ਅਤੇ ਜ਼ਿਲ੍ਹੇ ਦੇ ਵੱਡੀ ਗਿਣਤੀ ਲੋਕ ਮੁਫ਼ਤ ਯੋਗ ਕੈਂਪਾਂ ਦਾ ਲਾਭ ਲੈ ਰਹੇ ਹਨ।

ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਜੇਕਰ ਕਿਸੇ ਗਲੀ ਜਾਂ ਮੁਹੱਲੇ ਵਿੱਚ ਘੱਟ ਘੱਟ 25 ਮੈਂਬਰ ਯੋਗ ਕਲਾਸ ਲਈ ਆਪਣੀ ਮਨਜ਼ੂਰੀ ਦਿੰਦੇ ਹਨ ਤਾਂ ਉਹ ਪੰਜਾਬ ਸਰਕਾਰ ਵੱਲੋਂ ਦਿੱਤੇ ਗਏ ਨੰਬਰ 76694-00500 'ਤੇ ਮਿਸਡ ਕਾਲ ਮੁਫ਼ਤ ਯੋਗਾ ਟ੍ਰੇਨਰ ਪ੍ਰਾਪਤ ਕਰ ਸਕਦੇ ਹਨ। ਇਸ ਤੋਂ ਇਲਾਵਾ ਚਾਹਵਾਨ ਉਮੀਦਵਾਰ cmdiyogshala.punjab.gov.in ਵੈਬਸਾਈਟ ਤੇ ਜਾ ਕੇ ਆਪਣੀ ਯੋਗ ਕਲਾਸ ਰਜਿਸਟਰ ਕਰ ਸਕਦੇ ਹਨ।

# ਓਮੈਕਸ ਨੇ ਵਾਟਰ ਕਾਰਨੀਵਲ ਸਪਲੈਸ਼-ਐਨ-ਪਲੇ ਆਯੋਜਿਤ ਕੀਤਾ



ਲੁਧਿਆਣਾ: ਓਮੈਕਸ ਲੁਧਿਆਣਾ ਦੁਆਰਾ ਆਯੋਜਿਤ ਦੋ-ਰੋਜ਼ਾ ਵਾਟਰ ਕਾਰਨੀਵਲ, ਸਪਲੈਸ਼-ਐਨ-ਪਲੇ ਵਿੱਚ 2,000 ਤੋਂ ਵੱਧ ਪਰਿਵਾਰਾਂ ਨੇ ਹਿੱਸਾ ਲਿਆ। ਵਾਟਰ ਕਾਰਨੀਵਲ ਵਿੱਚ, ਬੱਚਿਆਂ ਤੋਂ ਲੈ ਕੇ ਵੱਡਿਆਂ ਤੱਕ ਸਾਰਿਆਂ ਨੇ ਦਿਲਚਸਪ ਪਾਣੀ ਦੀਆਂ ਖੇਡਾਂ ਅਤੇ ਰੰਗੀਨ ਗਤੀਵਿਧੀਆਂ ਦਾ ਭਰਪੂਰ ਆਨੰਦ ਮਾਣਿਆ।

ਓਮੈਕਸ ਲਿਮਟਿਡ ਦੇ ਕਾਰਜਕਾਰੀ ਨਿਰਦੇਸ਼ਕ ਜਤਿਨ ਗੋਇਲ ਨੇ ਕਿਹਾ, '2000 ਤੋਂ ਵੱਧ ਪਰਿਵਾਰਾਂ ਨੂੰ ਇਕੱਠੇ ਹੱਸਦੇ ਅਤੇ ਖੇਡਦੇ ਦੇਖਣਾ ਇਸ ਗੱਲ ਦਾ ਪ੍ਰਮਾਣ ਹੈ ਕਿ ਓਮੈਕਸ ਸਿਰਫ਼ ਘਰ ਹੀ ਨਹੀਂ, ਸਗੋਂ ਖੁਸ਼ਹਾਲ ਭਾਈਚਾਰਿਆਂ ਦੇ ਨਿਰਮਾਣ ਵਿੱਚ ਵਿਸ਼ਵਾਸ ਰੱਖਦਾ ਹੈ। ਸਪਲੈਸ਼-ਐਨ-ਪਲੇ ਇਸ ਵਿਚਾਰ ਦਾ ਹਿੱਸਾ ਹੈ।

# ਡਿਪਟੀ ਕਮਿਸ਼ਨਰ ਵੱਲੋਂ ਨਾਗਰਿਕਾਂ ਨੂੰ ਸੰਜਮ ਨਾਲ ਖ਼ਰੀਦਦਾਰੀ ਕਰਨ ਦੀ ਅਪੀਲ

ਜਲੰਧਰ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਨਾਗਰਿਕਾਂ ਨੂੰ ਸੰਜਮ ਨਾਲ ਅਤੇ ਸੋਚ-ਵਿਚਾਰ ਕੇ ਖ਼ਰੀਦਦਾਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਘਬਰਾਹਟ ਵਿੱਚ ਆ ਕੇ ਧੜਾਧੜ ਖ਼ਰੀਦਦਾਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਮੁਤਾਬਕ ਕਿਸੇ ਵੀ ਤਰ੍ਹਾਂ ਦੇ ਐਮਰਜੈਂਸੀ ਹਾਲਾਤ ਦਾ ਸਾਹਮਣਾ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੇ ਨਾਲ ਖੜ੍ਹਾ ਹੈ।

ਡਾ. ਅਗਰਵਾਲ ਨੇ ਕਿਹਾ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਡਰਨ ਜਾਂ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਐਮਰਜੈਂਸੀ ਹਾਲਾਤ ਦੌਰਾਨ ਪੰਜਾਬ ਸਰਕਾਰ ਵੱਲੋਂ ਜਨਤਾ ਨੂੰ ਹਰ ਪ੍ਰਕਾਰ ਦੀ ਸਹਾਇਤਾ ਤੇ ਸਹਿਯੋਗ ਮੁਹੱਈਆ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਲੰਧਰ ਪ੍ਰਸ਼ਾਸਨ ਕਿਸੇ ਵੀ ਤਰ੍ਹਾਂ ਦੇ ਹੰਗਾਮੀ ਹਾਲਾਤ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ।

ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਜ਼ਰੂਰੀ ਵਸਤਾਂ ਸਮੇਤ ਕਿਸੇ ਵੀ ਚੀਜ਼ ਦੀ ਜਮ੍ਹਾਖੋਰੀ ਬਿਲਕੁੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਜਮ੍ਹਾਖੋਰੀ ਜਾਂ ਕਾਲਾਬਾਜ਼ਾਰੀ ਕਰਦਾ ਪਾਇਆ ਗਿਆ, ਤਾਂ ਉਸ ਖਿਲਾਫ਼ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਡੀ.ਐਫ.ਐਸ.ਸੀ. ਨੂੰ ਜਮ੍ਹਾਖੋਰੀ 'ਤੇ ਸਖ਼ਤ ਨਿਗਰਾਨੀ ਰੱਖਣ ਅਤੇ ਗਲਤ ਇਰਾਦੇ ਨਾਲ ਥੋਕ ਵਿੱਚ ਖ਼ਰੀਦਦਾਰੀ ਕਰਨ ਵਾਲਿਆਂ ਦੀ ਸੂਚੀ ਤਿਆਰ ਕਰਕੇ ਪ੍ਰਸ਼ਾਸਨ ਨਾਲ ਸਾਂਝੀ ਕਰਨ ਦੇ ਨਿਰਦੇਸ਼ ਵੀ ਦਿੱਤੇ।

ਇਸਦੇ ਨਾਲ ਹੀ, ਡਿਪਟੀ ਕਮਿਸ਼ਨਰ ਨੇ ਨਾਗਰਿਕਾਂ ਨੂੰ ਭਵਿੱਖ ਵਿੱਚ ਹੋਣ ਵਾਲੀ ਮੌਕ ਡਰਿੱਲ ਦੀ ਪੂਰੀ ਗੰਭੀਰਤਾ ਨਾਲ ਪਾਲਣਾ ਕਰਨ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਮੌਕ ਡਰਿੱਲ ਘੱਟ ਸਮੇਂ ਲਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬਲੈਕ ਆਊਟ ਡਰਿੱਲ ਦੌਰਾਨ ਲਾਈਟ ਬੰਦ ਕਰ ਦਿੱਤੀ ਜਾਵੇਗੀ ਅਤੇ ਟ੍ਰੈਫਿਕ ਲਾਈਟਾਂ ਵੀ ਬੰਦ ਰਹਿਣਗੀਆਂ। ਉਨ੍ਹਾਂ ਅਪੀਲ ਕੀਤੀ ਕਿ ਇਸ ਦੌਰਾਨ ਆਪਣੇ ਘਰਾਂ ਵਿੱਚ ਇਨਵਰਟਰ ਜਾਂ ਜਨਰੇਟਰ ਬੰਦ ਰੱਖੇ ਜਾਣ। ਜੇਕਰ ਕਿਸੇ ਵਜ੍ਹਾ ਕਾਰਨ ਇਹ ਚਲਾਉਣੇ ਵੀ ਹਨ ਤਾਂ ਇਸ ਤਰ੍ਹਾਂ ਚਲਾਏ ਜਾਣ ਕਿ ਰੌਸ਼ਨੀ ਖਿੜਕੀਆਂ ਦਰਵਾਜ਼ਿਆਂ ਵਿੱਚੋਂ ਬਾਹਰ ਨਾ ਜਾਵੇ। ਉਨ੍ਹਾਂ ਕਿਹਾ ਕਿ ਇਸ ਦੌਰਾਨ ਵਾਹਨਾਂ 'ਤੇ ਗੈਰ-ਜ਼ਰੂਰੀ ਸਫ਼ਰ ਤੋਂ ਗੁਰੇਜ਼ ਕੀਤਾ ਜਾਵੇ ਅਤੇ ਜੇਕਰ ਕੋਈ ਵਾਹਨ ਸੜਕ 'ਤੇ ਜਾ ਰਿਹਾ ਹੈ ਤਾਂ ਉਸਦੀਆਂ ਲਾਈਟਾਂ ਬੰਦ ਕਰਕੇ ਉਸ ਨੂੰ ਸੜਕ ਦੇ ਕਿਨਾਰੇ ਰੋਕ ਲਿਆ ਜਾਵੇ।

ਡਾ. ਅਗਰਵਾਲ ਨੇ ਕਿਹਾ ਕਿ ਜੇਕਰ ਬਿਨਾਂ ਮੌਕ ਡਰਿੱਲ ਦੀ ਅਨਾਊਂਸਮੈਂਟ ਤੋਂ ਵੀ ਸਾਇਰਨ ਦੀ ਆਵਾਜ਼ ਸੁਣਾਈ ਦਿੰਦੀ ਹੈ ਤਾਂ ਤੁਰੰਤ ਮੌਕ ਡਰਿੱਲ ਦੌਰਾਨ ਕੀਤੇ ਅਭਿਆਸ ਨੂੰ ਅਮਲ ਵਿੱਚ ਲਿਆਂਦਾ ਜਾਵੇ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਫ਼ਵਾਹਾਂ ਤੋਂ ਬਚਣ ਦੀ ਸਲਾਹ ਦਿੰਦਿਆਂ ਕਿਹਾ ਕਿ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਲੋਕ ਹਿੱਤ ਵਿੱਚ ਜਾਰੀ ਐਡਵਾਈਜ਼ਰੀ ਦੀ ਇੰਨ-



ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਸ਼ਰਾਰਤੀ ਅਨਸਰ ਅਫ਼ਵਾਹ ਫੈਲਾਉਂਦਾ ਪਾਇਆ ਗਿਆ, ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਓਧਰ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀਆਂ ਹਦਾਇਤਾਂ 'ਤੇ ਡੀ.ਐਫ.ਐਸ.ਸੀ. ਨਰਿੰਦਰ ਸਿੰਘ ਵੱਲੋਂ ਡੀ. ਮਾਰਟ ਸਮੇਤ ਵੱਖ-ਵੱਖ ਸਟੋਰਾਂ ਦਾ ਦੌਰਾ ਕੀਤਾ ਗਿਆ। ਉਨ੍ਹਾਂ ਪ੍ਰਬੰਧਕਾਂ ਨੂੰ ਵਿਅਕਤੀਗਤ ਲੋਕਾਂ ਨੂੰ ਥੋਕ ਵਿੱਚ ਸਾਮਾਨ ਨਾ ਵੇਚਣ ਅਤੇ ਗਾਹਕਾਂ ਨੂੰ ਵੀ ਬਿਨਾਂ ਲੋੜ ਤੋਂ ਥੋਕ ਵਿੱਚ ਖ਼ਰੀਦਦਾਰੀ ਨਾ ਕਰਨ ਲਈ ਪ੍ਰੇਰਿਤ ਕਰਨ ਲਈ ਕਿਹਾ। ਡੀ.ਐਫ.ਐਸ.ਸੀ. ਨੇ ਦੱਸਿਆ ਕਿ ਸਟੋਰ ਵਿੱਚ ਨਿਯਮਿਤ ਤੌਰ 'ਤੇ ਘੋਸ਼ਣਾਵਾਂ ਵੀ ਕਰਵਾਈਆਂ ਜਾ ਰਹੀਆਂ ਹਨ ਕਿ ਨਿਯਮਿਤ ਲੋੜ ਮੁਤਾਬਕ ਹੀ ਸਾਮਾਨ ਖਰੀਦਿਆ ਜਾਵੇ।

# ਸੜਕਾਂ ਤੇ ਖਿੱਲਰੇ ਕਣਕ ਦੇ ਸਿੱਟੇ ਬਣਦੇ ਨੇ ਹਾਦਸਿਆਂ ਦਾ ਕਾਰਨ



ਤਪਾ ਮੰਡੀ,-ਅੱਜ ਕੱਲ੍ਹ ਇਲਾਕੇ ਦੀਆਂ ਲਗਭਗ ਸਾਰੀਆਂ ਸੜਕਾਂ ਹੀ ਹਾਦਸਿਆਂ ਦਾ ਕਾਰਨ ਬਣ ਰਹੀਆਂ ਹਨ, ਕਿਉਂਕਿ ਹਰ ਪਾਸੇ ਸੜਕਾਂ ਤੇ ਗਰੀਬ ਅਤੇ ਲੋੜਵੰਦ ਪਰਿਵਾਰਾਂ ਵਲੋਂ ਖੇਤਾਂ ਚੋਂ ਕਣਕ ਦੀ ਕਟਾਈ ਤੋਂ ਬਾਅਦ ਖੇਤਾਂ ਵਿਚ ਕਟਾਈ ਤੋਂ ਬਾਕੀ ਬਚੀਆਂ ਅਤੇ ਆਸੇ ਪਾਸੇ ਡਿੱਗੀਆਂ ਕਣਕ ਦੀਆਂ ਬੱਲੀਆਂ ਵਿਚੋਂ ਦਾਣੇ ਕੱਢਣ ਲਈ ਸੜਕਾਂ ਤੇ ਖਿਲਾਰ ਦਿੱਤਾ ਜਾਂਦਾ ਹੈ। ਭਾਵੇਂ ਅਜਿਹਾ ਕਰਨਾ ਇਨ੍ਹਾਂ ਪਰਿਵਾਰਾਂ ਵਲੋਂ ਆਪਣੀ ਮਜਬੂਰੀ ਦੱਸਿਆ ਗਿਆ ਪਰ ਕਈ ਵਾਰ ਇਨ੍ਹਾਂ ਸਿੱਟਿਆਂ ਚੋਂ ਨਿਕਲੇ ਦਾਣਿਆਂ ਕਾਰਨ ਦੋ ਪਹੀਆ ਵਾਹਨ ਸਕੂਟਰ, ਮੋਟਰਸਾਈਕਲ ਆਦਿ ਸਲਿਪ ਹੋਣ ਕਰ ਕੇ ਹਾਦਸਾ ਵਾਪਰਨ ਕਾਰਨ ਰਾਹਗੀਰਾਂ ਦੇ ਸੱਟਾਂ ਵੀ ਲੱਗ ਜਾਂਦੀਆਂ ਹਨ। ਇਸ ਤੋਂ ਇਲਾਵਾ ਸੜਕ ਤੇ ਇਨ੍ਹਾਂ ਸਿੱਟਿਆਂ ਉੱਪਰੋਂ ਵੱਡੇ ਵਾਹਨ ਲੰਘਣ ਅਤੇ ਸੜਕ ਕੰਢੇ ਕਣਕ ਤੂੜੀ ਤੋਂ ਅਲੱਗ ਕਰਨ ਲਈ ਖੁੱਲ੍ਹੀ ਹਵਾ ਵਿਚ ਉਡਾਉਣ ਕਾਰਨ ਛੋਟੇ ਵਾਹਨ ਚਾਲਕਾਂ ਅਤੇ ਪੈਦਲ ਰਾਹਗੀਰਾਂ ਦੀਆਂ ਅੱਖਾਂ ਵਿਚ ਉੱਡ ਕੇ ਕਈ ਵਾਰੀ ਤੂੜੀ ਦੇ ਕਣ ਵੀ ਪੈ ਜਾਂਦੇ ਹਨ ਜੋ ਕਿਸੇ ਸਮੇਂ ਵੀ ਵੱਡੇ ਹਾਦਸੇ ਦਾ ਕਾਰਨ ਬਣ ਜਾਂਦੇ ਹਨ। ਇਸ ਲਈ ਪ੍ਰਸ਼ਾਸਨ ਨੂੰ ਰਾਹਗੀਰਾਂ ਦੀ ਸਮੱਸਿਆ ਵੱਲ ਧਿਆਨ ਦੇ ਕੇ ਅਜਿਹੇ ਲੋਕਾਂ ਨੂੰ ਸਮਝਾ ਕੇ ਅਜਿਹਾ ਕਰਨ ਤੋਂ ਰੋਕਣਾ ਚਾਹੀਦਾ ਹੈ।